ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 9 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਕਮੇਟੀ ਵੱਲੋਂ 10 ਜੂਨ ਨੂੰ ਜਾਵੇਗਾ 541 ਸ਼ਰਧਾਲੂਆਂ ਦਾ ਜਥਾ ਪਾਕਿਸਤਾਨ

**ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ’ਤੇ ਸ਼੍ਰੋਮਣੀ ਕਮੇਟੀ ਵੱਲੋਂ 10 ਜੂਨ ਨੂੰ ਜਥਾ ਭੇਜਿਆ ਜਾਵੇਗਾ। ਜਥੇ ਵਿੱਚ ਜਾਣ ਵਾਲੇ ਸ਼ਰਧਾਲੂਆਂ ਨੂੰ ਇਸ ਸਬੰਧੀ ਉਨ੍ਹਾਂ ਦੇ ਪਾਸਪੋਰਟ 9 ਜੂਨ ਨੂੰ ਸ਼੍ਰੋਮਣੀ ਕਮੇਟੀ ਦਫਤਰ ਵਿੱਚ ਵੰਡੇ ਜਾਣਗੇ। ਜਾਣਕਾਰੀ ਅਨੁਸਾਰ, ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ’ਤੇ ਇਹ ਜਥਾ ਲੰਮੇ ਸਮੇਂ ਬਾਅਦ ਭੇਜਿਆ ਜਾ ਰਿਹਾ ਹੈ। ਐਸਜੀਪੀਸੀ ਅਧਿਕਾਰੀਆਂ ਅਨੁਸਾਰ, ਕੁੱਲ 561 ਪਾਸਪੋਰਟ ਅਰਜ਼ੀਆਂ ਵੀਜ਼ਾ ਪ੍ਰਕਿਰਿਆ ਲਈ ਲੋੜੀਂਦੇ ਚੈਨਲਾਂ ਰਾਹੀਂ ਪਾਕਿਸਤਾਨ ਹਾਈ ਕਮਿਸ਼ਨ ਨੂੰ ਭੇਜੀਆਂ ਗਈਆਂ ਸਨ। ਇਨ੍ਹਾਂ ਵਿੱਚੋਂ 541 ਸ਼ਰਧਾਲੂਆਂ ਨੂੰ ਵੀਜ਼ਾ ਦਿੱਤਾ ਗਿਆ ਹੈ, ਜਦੋਂ ਕਿ 20 ਬਿਨੈਕਾਰ ਯਾਤਰਾ ਦੀ ਇਜਾਜ਼ਤ ਪ੍ਰਾਪਤ ਨਹੀਂ ਕਰ ਸਕੇ। ਸ਼ਰਧਾਲੂਆਂ ਦੇ ਪਾਸਪੋਰਟ 9 ਜੂਨ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਵੰਡੇ ਜਾਣਗੇ। 541 ਸ਼ਰਧਾਲੂਆਂ ਵਾਲਾ ਅਧਿਕਾਰਤ ਤੌਰ ’ਤੇ ਪ੍ਰਵਾਨਿਤ ਜਥਾ 10 ਜੂਨ ਨੂੰ ਅੰਮ੍ਰਿਤਸਰ ਸਥਿਤ ਸ਼੍ਰੋਮਣੀ ਕਮੇਟੀ ਮੁੱਖ ਦਫ਼ਤਰ ਤੋਂ ਰਵਾਨਾ ਹੋਣ ਵਾਲਾ ਹੈ। ਯਾਤਰਾ ਦੌਰਾਨ, ਸ਼ਰਧਾਲੂ ਪਾਕਿਸਤਾਨ ਦੇ ਮਹੱਤਵਪੂਰਨ ਗੁਰਦੁਆਰਿਆਂ ਦੇ ਦਰਸ਼ਨ ਕਰਨਗੇ ਅਤੇ ਪੰਜਵੇਂ ਸਿੱਖ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਦੀ ਯਾਦ ਵਿੱਚ ਧਾਰਮਿਕ ਸਮਾਗਮਾਂ ਵਿੱਚ ਹਿੱਸਾ ਲੈਣਗੇ। ਜਥੇ ਦੇ 19 ਜੂਨ ਨੂੰ ਭਾਰਤ ਵਾਪਸ ਆਉਣ ਦੀ ਉਮੀਦ ਹੈ।

## ਫਿਲੀਪੀਨਜ਼ ’ਚ 7.8 ਤੀਬਰਤਾ ਦੇ ਭੂਚਾਲ ਨੇ ਮਚਾਈ ਤਬਾਹੀ

# 32 ਮੌਤਾਂ, ਵਾਧਾ ਲਗਾਤਾਰ ਜਾਰੀ




**ਮਨੀਲਾ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਫਿਲੀਪੀਨਜ਼ ਵਿਚ ਆਏ 7.8 ਤੀਬਰਤਾ ਵਾਲੇ ਭੂਚਾਲ ਨੇ ਬਹੁਤ ਤਬਾਹੀ ਮਚਾਈ। ਇਸ ਦੌਰਾਨ ਦੱਖਣੀ ਫਿਲੀਪੀਨਜ਼ ਦੇ ਇੱਕ ਸੂਬੇ ’ਚ ਸੋਮਵਾਰ ਨੂੰ ਘੱਟੋ-ਘੱਟ 17 ਲੋਕਾਂ ਦੀ ਮੌਤ ਹੋ ਗਈ, ਜ਼ਿਆਦਾਤਰ ਮੌਤਾਂ 7.8 ਤੀਬਰਤਾ ਵਾਲੇ ਭੂਚਾਲ ਕਾਰਨ ਜ਼ਮੀਨ ਖਿਸਕਣ ਕਾਰਨ ਹੋਈਆਂ। ਇਸੇ ਵਿਚਾਲੇ ਭੂਚਾਲ ਕਾਰਨ ਹੋਈਆਂ ਕੁੱਲ ਮੌਤਾਂ ਦੀ ਗਿਣਤੀ 32 ਹੋ ਗਈ। ਸਾਰੰਗਾਨੀ ਸੂਬੇ ਦੇ ਆਫ਼ਤ-ਨਿਵਾਰਣ ਅਧਿਕਾਰੀ ਰੇਨੇ ਪੁੰਜਾਲਨ ਨੇ ਡੀਜ਼ੈਡਬੀਬੀ ਰੇਡੀਓ ਨੈੱਟਵਰਕ ਨੂੰ ਦੱਸਿਆ ਕਿ ਪਹਾੜੀ ਸ਼ਹਿਰ ਗਲਾਨ ’ਚ ਭੂਚਾਲ ਕਾਰਨ ਜ਼ਮੀਨ ਖਿਸਕਣ ਕਾਰਨ ਘਰਾਂ ਨੂੰ ਨੁਕਸਾਨ ਪਹੁੰਚਿਆ, ਜਿਸ ਕਾਰਨ 13 ਪਿੰਡ ਵਾਸੀ ਮਾਰੇ ਗਏ। ਉਨ੍ਹਾਂ ਕਿਹਾ ਕਿ ਸਾਰੰਗਾਨੀ ਵਿਚ ਚਾਰ ਲੋਕਾਂ ਦੇ ਮਾਰੇ ਜਾਣ ਦਾ ਕਾਰਨ ਅਜੇ ਵੀ ਅਸਪੱਸ਼ਟ ਹੈ। ਜਾਨੀ ਨੁਕਸਾਨ ਦੀ ਨਵੀਂ ਰਿਪੋਰਟ ਤੋਂ ਬਾਅਦ ਇਸ ਸਾਲ ਫਿਲੀਪੀਨਜ਼ ਟਾਪੂ ਸਮੂਹ ’ਚ ਆਏ ਸਭ ਤੋਂ ਸ਼ਕਤੀਸ਼ਾਲੀ ਭੂਚਾਲ ’ਚ ਕੁੱਲ ਮੌਤਾਂ ਦੀ ਗਿਣਤੀ ਵਧਾ ਕੇ ਘੱਟੋ-ਘੱਟ 32 ਹੋ ਗਈ ਹੈ। ਭੂਚਾਲ ਕਾਰਨ ਛੋਟੀਆਂ ਇਮਾਰਤਾਂ ਢਹਿ ਗਈਆਂ ਅਤੇ ਦੱਖਣੀ ਫਿਲੀਪੀਨਜ਼ ਵਿੱਚ ਛੋਟੀਆਂ ਸੁਨਾਮੀ ਲਹਿਰਾਂ ਆਈਆਂ, ਜੋ ਇੰਡੋਨੇਸ਼ੀਆ ਅਤੇ ਪਲਾਊ ਤੇ ਦੱਖਣੀ ਜਾਪਾਨ ਵਿਚ ਦੇਖੀਆਂ ਗਈਆਂ।

## ਹੋਰਮੁਜ਼ ’ਚ ਭਾਰਤੀਆਂ ਨਾਲ ਭਰੇ ਜਹਾਜ਼ ’ਤੇ ਹੋ ਗਿਆ ਹਮਲਾ ! ਲਾ ਰਹੇ ਮਦਦ ਦੀ ਗੁਹਾਰ

**ਨਵੀਂ ਦਿੱਲੀ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਕੁਝ ਦਿਨਾਂ ਦੀ ਸ਼ਾਂਤੀ ਮਗਰੋਂ ਇਰਾਨ-ਇਜ਼ਰਾਈਲ ਵਿਚਾਲੇ ਹੋਏ ਤਾਜ਼ਾ ਹਮਲਿਆਂ ਮਗਰੋਂ ਮਿਡਲ ਈਸਟ ’ਚ ਤਣਾਅ ਇਕ ਵਾਰ ਫ਼ਿਰ ਤੋਂ ਸਿਖ਼ਰ ’ਤੇ ਪਹੁੰਚ ਗਿਆ ਹੈ। ਇਨ੍ਹਾਂ ਹਮਲਿਆਂ ਵਿਚਾਲੇ ਹੋਰਮੁਜ਼ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਓਮਾਨ ਦੇ ਸਮੁੰਦਰੀ ਤੱਟ ਦੇ ਨੇੜੇ ਇੱਕ ਵਿਦੇਸ਼ੀ ਕਾਰਗੋ ਜਹਾਜ਼ ’ਤੇ ਹਮਲਾ ਕੀਤੇ ਜਾਣ ਦੀ ਜਾਣਕਾਰੀ ਮਿਲੀ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਜਹਾਜ਼ ’ਤੇ 24 ਭਾਰਤੀ ਕ੍ਰੂ ਮੈਂਬਰ ਸਵਾਰ ਹਨ ਤੇ ਰਾਹਤ ਦੀ ਗੱਲ ਇਹ ਹੈ ਕਿ ਸਾਰੇ ਸੁਰੱਖਿਅਤ ਹਨ। ਰਿਪੋਰਟਾਂ ਮੁਤਾਬਕ, ਇਹ ਵਿਦੇਸ਼ੀ ਜਹਾਜ਼ ਜਦੋਂ ਓਮਾਨ ਦੇ ਤੱਟ ਦੇ ਕੋਲੋਂ ਲੰਘ ਰਿਹਾ ਸੀ, ਉਸ ਸਮੇਂ ਇਸ ਨੂੰ ਨਿਸ਼ਾਨਾ ਬਣਾ ਕੇ ਹਮਲਾ ਕੀਤਾ ਗਿਆ। ਹਮਲੇ ਤੋਂ ਤੁਰੰਤ ਬਾਅਦ ਜਹਾਜ਼ ਦੇ ਕਪਤਾਨ ਨੇ ਸੁਰੱਖਿਆ ਏਜੰਸੀਆਂ ਨੂੰ ਐਮਰਜੈਂਸੀ



ਮੈਸੇਜ ਭੇਜਿਆ। ਹਮਲੇ ਦੀ ਸੂਚਨਾ ਮਿਲਦਿਆਂ ਹੀ ਇਲਾਕੇ ’ਚ ਤਾਇਨਾਤ ਅੰਤਰਰਾਸ਼ਟਰੀ ਸਮੁੰਦਰੀ ਸੁਰੱਖਿਆ ਬਲ ਅਤੇ ਭਾਰਤੀ ਨੇਵੀ ਦੇ ਜਹਾਜ਼ ਸਥਿਤੀ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਨ। ਜਹਾਜ਼ ਨੂੰ ਸੁਰੱਖਿਅਤ ਰਸਤੇ ਰਾਹੀਂ ਅੱਗੇ ਵਧਾਉਣ ਲਈ ਸਹਾਇਤਾ ਵੀ ਪ੍ਰਦਾਨ ਕੀਤੀ ਜਾ ਰਹੀ ਹੈ। ਹਾਲਾਂਕਿ ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਇਹ ਹਮਲਾ ਕਿਸੇ ਦੇਸ਼ ਵੱਲੋਂ ਕੀਤਾ ਗਿਆ, ਜਾਂ ਫ਼ਿਰ ਇਹ ਸਮੁੰਦਰੀ ਲੁਟੇਰਿਆਂ ਦਾ ਹਮਲਾ ਸੀ। ਪਰ ਇਸ ਹਮਲੇ ਨੇ ਇਲਾਕੇ ’ਚੋਂ ਲੰਘਣ ਵਾਲੇ ਜਹਾਜ਼ਾਂ ਲਈ ਮੁੜ ਤੋਂ ਖ਼ਤਰਾ ਪੈਦਾ ਕਰ ਦਿੱਤਾ ਹੈ।

## ਪਟਿਆਲਾ ਲਾਠੀਚਾਰਜ ਮਾਮਲਾ : ਹਿਊਮਨ ਰਾਈਟਸ ਕਮਿਸ਼ਨ ਨੇ ਲਿਆ ਸੂ-ਮੋਟੋ, ਪੁਲਿਸ ਵੱਲੋਂ ਲਾਈਨਮੈਨਾਂ ’ਤੇ ਲਾਠੀਚਾਰਜ ਨੂੰ ਦੱਸਿਆ ਗਲਤ

**ਚੰਡੀਗੜ੍ਹ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਵੱਲੋਂ ਪਟਿਆਲਾ ਵਿਖੇ ਪੰਜਾਬ



ਸਟੇਟ ਪਾਵਰ ਕਾਰਪੋਰੇਸ਼ਨ ਦੇ ਦਫਤਰ ਅੱਗੇ ਲਾਈਨਮੈਨਾਂ ’ਤੇ ਲਾਠੀਚਾਰਜ ਦਾ ਮਾਮਲਾ ਭਖ ਗਿਆ ਹੈ। ਪੰਜਾਬ ਰਾਜ ਹਿਊਮਨ ਰਾਈਟਸ ਕਮਿਸ਼ਨ ਨੇ ਇਸ ਮਾਮਲੇ ਦਾ ਨੋਟਿਸ ਲੈਂਦਿਆਂ ਡੀਆਈਜੀ ਪਟਿਆਲਾ ਰੇਂਜ ਨੂੰ ‘ਲਾਠੀਚਾਰਜ’ ਦਾ ਜਵਾਬ ਦੇਣ ਲਈ ਨੋਟਿਸ ਜਾਰੀ ਕੀਤਾ ਹੈ। ਕਮਿਸ਼ਨ ਨੇ ਮਾਮਲੇ ਦਾ ਸੂ-ਮੋਟੋ ਲੈਂਦਿਆਂ ਇਹ ਨੋਟਿਸ ਜਾਰੀ ਕੀਤਾ ਹੈ। ਪੰਜਾਬ ਰਾਜਨੀਤੀ ਕਮਿਸ਼ਨ ਨੇ ਨੋਟਿਸ ਵਿੱਚ ਪਟਿਆਲਾ ’ਚ 2600 ਅਪ੍ਰੈਂਟਿਸਸ਼ਿਪ ਲਾਈਨਮੈਨ ਯੂਨੀਅਨ ’ਤੇ ਅੰਨ੍ਹੇਵਾਹ ਕੀਤੇ ਗਏ ਲਾਠੀਚਾਰਜ ਨੂੰ ਗਲਤ ਅਤੇ ਤਸ਼ੱਦਦ ਦੱਸਿਆ। ਕਮਿਸ਼ਨ ਨੇ ਡੀਆਈਜੀ ਨੂੰ ਜਾਰੀ ਨੋਟਿਸ ਵਿੱਚ ਪੁੱਛਿਆ ਹੈ ਕਿ ਧਰਨਾਕਾਰੀਆਂ ਨੂੰ ਖਦੇੜਨ ਲਈ ਕਾਨੂੰਨੀ ਰਾਹ ਕਿਉਂ ਨਹੀਂ ਲੱਭਿਆ ਗਿਆ ? ਜ਼ਿਕਰਯੋਗ ਹੈ ਕਿ ਸ਼ੁੱਕਰਵਾਰ ਨੂੰ ਪੱਕਾ ਕਰਨ ਦੀ ਮੰਗ ਕਰ ਰਹੇ ਮੁਲਾਜ਼ਮਾਂ ਵੱਲੋਂ ਪਾਵਰਕਾਮ ਦਫਤਰ ਅੱਗੇ ਧਰਨਾ ਲਾਇਆ ਗਿਆ ਸੀ, ਜਿਸ ਦੌਰਾਨ ਪੁਲਿਸ ਵੱਲੋਂ ਖਦੇੜਨ ਲਈ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ। ਇਸ ਦੌਰਾਨ ਇੱਕ ਪੁਲਿਸ ਅਧਿਕਾਰੀ ਵੱਲੋਂ ਇੱਕ ਨੌਜਵਾਨ ਦਾ ਮੋਬਾਈਲ ਵੀ ਖੋਹ ਲਿਆ ਗਿਆ ਸੀ। ਦੱਸ ਦਈਏ ਕਿ ਲਾਠੀਚਾਰਜ ਤੋਂ ਬਾਅਦ ਵੀ ਪੰਜਾਬ ਸਰਕਾਰ ਨੂੰ ਸਬਰ ਨਹੀਂ ਆਇਆ ਅਤੇ ਪੁਲਿਸ ਨੇ 160 ਤੋਂ ਵੱਧ ਪ੍ਰਦਰਸ਼ਨਕਾਰੀਆਂ, ਜਿਨ੍ਹਾਂ ਵਿੱਚੋਂ 12 ਦੀ ਪਛਾਣ ਕੀਤੀ ਗਈ ਹੈ, ਵਿਰੁੱਧ ਬੀਐਨਐਸ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ ਅਤੇ ਸ਼ਨੀਵਾਰ ਨੂੰ 11 ਹਿਰਾਸਤ ਵਿੱਚ ਲਏ ਗਏ ਪ੍ਰਦਰਸ਼ਨਕਾਰੀਆਂ ਨੂੰ ਰਿਹਾਅ ਕਰ ਦਿੱਤਾ ਗਿਆ। ਕਮਿਸ਼ਨ ਦੇ ਅਨੁਸਾਰ ਪ੍ਰਦਰਸ਼ਨਕਾਰੀ ਸ਼ਾਂਤੀਪੂਰਨ ਢੰਗ ਨਾਲ ਧਰਨਾ ਦੇ ਰਹੇ ਸਨ ਅਤੇ ਉਹਨਾਂ ਵੱਲੋਂ ਕੋਈ ਹਿੰਸਾ ਜਾਂ ਦੰਗਾ ਨਹੀਂ ਕੀਤਾ ਜਾ ਰਿਹਾ ਸੀ। ਹਾਲਾਂਕਿ ਉਨ੍ਹਾਂ ਨੇ ਸਰਕਾਰੀ ਦਫ਼ਤਰ ਦੇ ਦਾਖ਼ਲਾ ਦਰਵਾਜ਼ੇ ਨੂੰ ਰੋਕਿਆ ਹੋਇਆ ਸੀ, ਫਿਰ ਵੀ ਪੁਲਿਸ ਨੇ ਮਿਆਰੀ ਪ੍ਰਕਿਰਿਆ ਅਪਣਾਉਣ ਦੀ ਬਜਾਏ ਸਿੱਧਾ ਲਾਠੀਚਾਰਜ ਕਰ ਦਿੱਤਾ। ਇਸ ਕਾਰਵਾਈ ਦੌਰਾਨ ਕਈ ਪ੍ਰਦਰਸ਼ਨਕਾਰੀਆਂ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਕੁਝ ਨੂੰ ਫ੍ਰੈਕਚਰ ਹੋਣ ਕਾਰਨ ਸਰਕਾਰੀ ਰਾਜਿੰਦਰਾ ਹਸਪਤਾਲ ਵਿੱਚ ਦਾਖ਼ਲ ਕਰਵਾਉਣਾ ਪਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਮਨੁੱਖੀ ਅਧਿਕਾਰ ਕਮਿਸ਼ਨ ਨੇ ਪਟਿਆਲਾ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਤੋਂ ਵਿਸਥਾਰਪੂਰਵਕ ਰਿਪੋਰਟ ਮੰਗੀ ਹੈ। ਕਮਿਸ਼ਨ ਨੇ ਹੁਕਮ ਦਿੱਤਾ ਹੈ ਕਿ ਅਗਲੀ ਸੁਣਵਾਈ ਤੋਂ ਇੱਕ ਹਫ਼ਤਾ ਪਹਿਲਾਂ ਰਿਪੋਰਟ ਜਮ੍ਹਾਂ ਕਰਵਾਈ ਜਾਵੇ। ਇਸ ਮਾਮਲੇ ਦੀ ਅਗਲੀ ਸੁਣਵਾਈ 17 ਜੁਲਾਈ 2026 ਨੂੰ ਹੋਵੇਗੀ।

## ਮੁੜ 45 ਡਿਗਰੀ ਹੋਇਆ ਤਾਪਮਾਨ; ਸੂਬੇ ਭਰ ’ਚ ਲੂ ਦਾ ਯੈਲੋ ਅਲਰਟ ਜਾਰੀ !

**ਚੰਡੀਗੜ੍ਹ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਗਰਮੀ ਦੀ ਲਹਿਰ ਲਗਾਤਾਰ ਤੇਜ਼ ਹੁੰਦੀ ਜਾ ਰਹੀ ਹੈ। ਰਾਜ ਦੇ ਜ਼ਿਆਦਾਤਰ ਸ਼ਹਿਰਾਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਉੱਪਰ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਅਨੁਸਾਰ, ਲੋਕਾਂ ਨੂੰ ਅਗਲੇ ਕੁਝ ਦਿਨਾਂ ਲਈ ਤੇਜ਼ ਗਰਮੀ ਅਤੇ




ਹੀਟਵੇਵ ਦੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਹਾਲਾਂਕਿ, ਜਲਦੀ ਹੀ ਮੌਸਮ ਵਿੱਚ ਅੰਸ਼ਕ ਤਬਦੀਲੀ ਦੇ ਸੰਕੇਤ ਹਨ। ਮੌਸਮ ਵਿਭਾਗ ਦੇ ਅਨੁਸਾਰ, 11 ਜੂਨ ਨੂੰ ਹਿਮਾਚਲ ਪ੍ਰਦੇਸ਼ ਦੀ ਸਰਹੱਦ ਨਾਲ ਲੱਗਦੇ ਜ਼ਿਲ੍ਹਿਆਂ ਵਿੱਚ ਬੱਦਲਵਾਈ ਅਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਕੁਝ ਖੇਤਰਾਂ ਵਿੱਚ ਰਾਹਤ ਮਿਲ ਸਕਦੀ ਹੈ। ਹਾਲਾਂਕਿ, ਉਦੋਂ ਤੱਕ ਰਾਜ ਭਰ ਵਿੱਚ ਹੀਟਵੇਵ ਅਲਰਟ ਜਾਰੀ ਕੀਤਾ ਗਿਆ ਹੈ। ਮਾਲਵਾ ਦੇ ਜ਼ਿਆਦਾਤਰ ਜ਼ਿਲ੍ਹਿਆਂ ਲਈ ਅੱਜ ਅਤੇ ਕੱਲ੍ਹ ਅਤੇ ਪੂਰੇ ਰਾਜ ਲਈ 10 ਜੂਨ ਨੂੰ ਹੀਟਵੇਵ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਦੇ ਅੰਕੜਿਆਂ ਅਨੁਸਾਰ, ਪਿਛਲੇ 24 ਘੰਟਿਆਂ ਵਿੱਚ ਸੂਬੇ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 1.1 ਡਿਗਰੀ ਦਾ ਵਾਧਾ ਹੋਇਆ ਹੈ, ਜਿਸ ਨਾਲ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 1.6 ਡਿਗਰੀ ਵੱਧ ਹੋ ਗਿਆ ਹੈ। ਬਠਿੰਡਾ ਸੂਬੇ ਦਾ ਸਭ ਤੋਂ ਗਰਮ ਸ਼ਹਿਰ ਸੀ। ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 44.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਫਰੀਦਕੋਟ ਵਿੱਚ 42.5 ਡਿਗਰੀ ਸੈਲਸੀਅਸ, ਫਾਜ਼ਿਲਕਾ ਵਿੱਚ 42.2 ਡਿਗਰੀ ਸੈਲਸੀਅਸ, ਪਟਿਆਲਾ ਵਿੱਚ 41.6 ਡਿਗਰੀ ਸੈਲਸੀਅਸ, ਲੁਧਿਆਣਾ ਵਿੱਚ 42 ਡਿਗਰੀ ਸੈਲਸੀਅਸ ਅਤੇ ਅੰਮ੍ਰਿਤਸਰ ਵਿੱਚ 40.9 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਤਾਪਮਾਨ ਆਮ ਨਾਲੋਂ ਵੱਧ ਰਿਹਾ। ਮੌਸਮ ਵਿਭਾਗ ਨੇ 8 ਜੂਨ ਲਈ ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਲਈ ਪੀਲੀ ਹੀਟ ਵੇਵ ਅਲਰਟ ਜਾਰੀ ਕੀਤਾ ਹੈ। ਬਾਕੀ ਜ਼ਿਲ੍ਹਿਆਂ ਲਈ ਫਿਲਹਾਲ ਕੋਈ ਖਾਸ ਚੇਤਾਵਨੀ ਨਹੀਂ ਹੈ। ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮਾਨਸਾ, ਬਰਨਾਲਾ ਅਤੇ ਸੰਗਰੂਰ ਜ਼ਿਲ੍ਹਿਆਂ ਨੂੰ ਗਰਮੀ ਦੀਆਂ ਲਹਿਰਾਂ 9 ਜੂਨ ਨੂੰ ਵੀ ਪ੍ਰਭਾਵਿਤ ਕਰਨ ਦੀ ਸੰਭਾਵਨਾ ਹੈ। ਇਨ੍ਹਾਂ ਜ਼ਿਲ੍ਹਿਆਂ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ ਗਈ ਹੈ। 10 ਜੂਨ ਨੂੰ ਸਥਿਤੀ ਹੋਰ ਵਿਗੜ ਸਕਦੀ ਹੈ। ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਲੁਧਿਆਣਾ, ਬਰਨਾਲਾ, ਸੰਗਰੂਰ, ਪਟਿਆਲਾ, ਮਾਨਸਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜ਼ਪੁਰ ਅਤੇ ਫਾਜ਼ਿਲਕਾ ਸਮੇਤ ਜ਼ਿਆਦਾਤਰ ਜ਼ਿਲ੍ਹਿਆਂ ਲਈ ਪੀਲੀ ਹੀਟ ਵੇਵ ਅਲਰਟ ਜਾਰੀ ਕੀਤਾ ਗਿਆ ਹੈ। 11 ਜੂਨ ਨੂੰ, ਸੂਬੇ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਗਰਮੀ ਦਾ ਪ੍ਰਭਾਵ ਜਾਰੀ ਰਹੇਗਾ। ਹਾਲਾਂਕਿ, ਹਿਮਾਚਲ ਪ੍ਰਦੇਸ਼ ਦੀ ਸਰਹੱਦ ਨਾਲ ਲੱਗਦੇ ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ ਅਤੇ ਮੋਹਾਲੀ ਵਿੱਚ ਗਰਜ-ਤੂਫ਼ਾਨ ਅਤੇ ਤੇਜ਼ ਹਵਾਵਾਂ ਦੇ ਨਾਲ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਇਨ੍ਹਾਂ ਖੇਤਰਾਂ ਲਈ ਪੀਲੀ ਹੀਟਵੇਵ ਅਲਰਟ ਜਾਰੀ ਕੀਤਾ ਹੈ।

## ਮੁਆਵਜ਼ੇ ਦੀ ਮੰਗ ਨੂੰ ਲੈ ਕੇ ਕਿਸਾਨਾਂ ਦਾ ਵੱਡਾ ਐਲਾਨ, ਦਿੱਲੀ-ਕਟੜਾ ਐਕਸਪ੍ਰੈਸਵੇਅ ਅਣਮਿੱਥੇ ਸਮੇਂ ਲਈ ਜਾਮ




**ਚੰਡੀਗੜ੍ਹ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਤੜਾਂ ਦੇ ਨਜ਼ਦੀਕ ਘੱਗਾ ਇਲਾਕੇ ਵਿੱਚ ਕਿਸਾਨਾਂ ਨੇ ਜ਼ਮੀਨਾਂ ਦੇ ਬਕਾਇਆ ਮੁਆਵਜ਼ੇ ਦੀ ਮੰਗ ਨੂੰ ਲੈ ਕੇ ਦਿੱਲੀ-ਕਟੜਾ ਐਕਸਪ੍ਰੈਸਵੇਅ ’ਤੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕਰ ਦਿੱਤਾ ਹੈ। ਕਿਸਾਨਾਂ ਦਾ ਇਲਜ਼ਾਮ ਹੈ ਕਿ ਐਨਐਚਏਆਈ ਵੱਲੋਂ ਕਰੋੜਾਂ ਰੁਪਏ ਦਾ ਮੁਆਵਜ਼ਾ ਅਜੇ ਤੱਕ ਜਾਰੀ ਨਹੀਂ ਕੀਤਾ ਗਿਆ ਅਤੇ ਖੇਤਾਂ ਤੱਕ ਜਾਣ ਵਾਲੇ ਕਈ ਰਸਤੇ ਵੀ ਬੰਦ ਕਰ ਦਿੱਤੇ ਗਏ ਹਨ। ਹਾਈਵੇ ਜਾਮ ਹੋਣ ਕਾਰਨ ਦਿੱਲੀ ਅਤੇ ਏਅਰਪੋਰਟ ਵੱਲ ਜਾਣ ਵਾਲੇ ਯਾਤਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨ ਆਗੂ ਮਨਜੀਤ ਸਿੰਘ ਨਿਆਲ ਨੇ ਕਿਹਾ ਕਿ ਸਰਕਾਰ ਅਤੇ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਅੱਜ ਤੱਕ ਸਾਡਾ ਮੁਆਵਜ਼ਾ ਨਹੀਂ ਮਿਲਿਆ। ਸਾਡੇ ਖੇਤਾਂ ਦੇ ਰਸਤੇ ਵੀ ਬੰਦ ਕਰ ਦਿੱਤੇ ਗਏ ਹਨ। ਜਦੋਂ ਤੱਕ ਸਾਡਾ ਹੱਕ ਨਹੀਂ ਮਿਲਦਾ, ਉਦੋਂ ਤੱਕ ਦਿੱਲੀ-ਕਟੜਾ ਐਕਸਪ੍ਰੈਸਵੇਅ ਬੰਦ ਰਹੇਗਾ। ਧਰਨੇ ਦੌਰਾਨ ਪਾਤੜਾਂ ਦੇ ਐਸਡੀਐਮ ਕਾਲਾ ਰਾਮ ਕਾਂਸਲ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਭਰੋਸਾ ਦਿੱਤਾ ਕਿ ਕੱਲ੍ਹ ਐਨਐਚਏਆਈ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਵਾਈ ਜਾਵੇਗੀ ਤਾਂ ਜੋ ਮੁੱਦੇ ਦਾ ਹੱਲ ਕੱਢਿਆ ਜਾ ਸਕੇ। ਹਾਲਾਂਕਿ ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਸਿਰਫ਼ ਭਰੋਸਿਆਂ ਨਾਲ ਨਹੀਂ, ਸਗੋਂ ਠੋਸ ਕਾਰਵਾਈ ਨਾਲ ਹੀ ਧਰਨਾ ਖਤਮ ਹੋਵੇਗਾ। ਕਾਲਾ ਰਾਮ ਕਾਂਸਲ, ਐਸਡੀਐਮ ਪਾਤੜਾਂ ਨੇ ਕਿਹਾ ਕਿ ਅਸੀਂ ਐਨਐਚਏਆਈ ਦੇ ਅਧਿਕਾਰੀਆਂ ਨਾਲ ਕੱਲ੍ਹ ਮੀਟਿੰਗ ਕਰਵਾ ਰਹੇ ਹਾਂ। ਕਿਸਾਨਾਂ ਦੀਆਂ ਮੰਗਾਂ ’ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ ਅਤੇ ਜਲਦੀ ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇਗੀ।

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ........................................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ........................................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਡੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਜਾਬ ਦੀ ਕੁਸ਼ਤੀ ਗਗਨ ਅਖਾੜਾ ਅਤੇ ਇਕਬਾਲ ਇਲਾਕ ਵਿੱਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।




65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।




24 ਜੂਨ ਦਿੰਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਜਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਜਾ ਇਨਾਮ-6100 ਰੁਪਏ ਦਿੱਤੇ ਜਾਣਗੇ ।





24 ਜੂਨ ਦਿੰਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ


**ਜੌਹਲ ਹਸਪਤਾਲ**

ਦਸੇ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋਂ ਬਾਹਰ ਕੱਢ ਦਿੱਤਾ ਜਾਵੇਗਾ । 5. **ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ** । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਦਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਡੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਪੜ੍ਹੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ | ਕਿਰਤ ਕਰੋ | ਵੰਡ ਛਕੋ

Naam Japo | Kirat Karo | Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋਂ ਪਾਵਾ ॥*

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਗੁਰਗੱਦੀ ਦਿਵਸ ਮੌਕੇ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 8 ਜੂਨ (ਮਨਪ੍ਰੀਤ ਸਿੰਘ ਖਾਲਸਾ):** - ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਗਏ ਅਤੇ ਵੱਡੀ ਗਿਣਤੀ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਸਰਵਣ ਕਰਵਾਇਆ। ਸਮਾਗਮ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਵੱਲੋਂ ਸਿਰਜਿਆ ਸ੍ਰੀ ਅਕਾਲ ਤਖ਼ਤ ਸਾਹਿਬ ਮੀਰੀ ਤੇ ਪੀਰੀ ਦੇ ਸਿਧਾਂਤ ਦਾ ਪ੍ਰਤੱਖ ਪ੍ਰਗਟਾਵਾ ਹੈ। ਗੁਰੂ ਸਾਹਿਬ ਨੇ ਗੁਰਤਾਗੱਦੀ 'ਤੇ ਬਿਰਾਜਮਾਨ ਹੋ ਕੇ ਸਿੱਖਾਂ ਨੂੰ ਜਿਥੇ ਸ਼ਸ਼ਤਰਧਾਰੀ ਹੋਣ ਦਾ ਉਪਦੇਸ਼ ਕੀਤਾ, ਉਥੇ ਹੀ ਚੰਗੇ ਘੋੜੇ ਤੇ ਸ਼ਸਤਰ ਭੇਟ ਕਰਨ ਲਈ ਵੀ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਹਮੇਸ਼ਾ ਗੁਰੂ ਉਪਦੇਸ਼ਾਂ 'ਤੇ ਚੱਲਦਿਆਂ ਗੁਰਬਾਣੀ ਦਾ ਜਾਪ ਕਰਕੇ ਆਪਣੇ ਆਪ ਨੂੰ ਮਜ਼ਬੂਤ ਕੀਤਾ ਹੈ। ਗੁਰਬਾਣੀ ਦੇ ਆਸਰੇ ਨਾਲ ਹੀ ਸਿੱਖ ਯੋਧਿਆਂ ਨੇ ਵੱਡੇ-ਵੱਡੇ ਸੰਘਰਸ਼ ਲੜੇ। ਸਿੱਖ ਸਿਧਾਂਤਾਂ ਦੀ ਪ੍ਰੇਰਣਾ ਹੀ ਸੀ ਕਿ ਸਿੱਖ ਯੋਧੇ ਜ਼ੁਲਮ ਖਿਲਾਫ਼ ਫਾਂਸੀਆਂ 'ਤੇ ਚੜ੍ਹ ਗਏ। ਉਨ੍ਹਾਂ ਕਿਹਾ ਕਿ ਅੱਜ ਹਕੂਮਤਾਂ ਬਿਰਤਾਂਤ ਸਿਰਜ ਕੇ ਸਿੱਖਾਂ ਨੂੰ ਗੁਰਬਾਣੀ ਤੇ ਸਿਧਾਂਤਾਂ ਨਾਲੋਂ ਤੋੜਨ ਯਤਨ ਕਰ ਰਹੀਆਂ ਹਨ। ਸਰਕਾਰ ਵੱਲੋਂ ਲਿਆਂਦੇ ਨਵੇਂ ਕਾਨੂੰਨ ਵਿਚਲੀਆਂ ਕੁਝ ਮੱਦਾਂ ਵੀ ਇਸੇ ਬਿਰਤਾਂਤ ਦਾ ਹਿੱਸਾ ਹਨ। ਉਨ੍ਹਾਂ ਕਿਹਾ ਕਿ ਬਹੁਤ ਸਾਰੀਆਂ ਸੰਗਤਾਂ ਕਾਨੂੰਨ ਦੇ ਡਰ ਕਾਰਨ ਆਪਣੇ ਘਰਾਂ ਵਿੱਚੋਂ ਗੁਟਕਾ ਸਾਹਿਬ ਤੇ ਪੋਥੀਆਂ ਗੁਰੂ ਘਰਾਂ ਵਿਚ ਜਮ੍ਹਾਂ ਕਰਵਾ ਰਹੀਆਂ ਹਨ। ਜਥੇਦਾਰ ਗੜਗੱਜ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਅਜਿਹੇ ਬਿਰਤਾਂਤ ਨੂੰ ਤੋੜਨ ਦੀ ਲੋੜ ਹੈ। ਸੰਗਤਾਂ ਕਿਸੇ ਵੀ ਤਰ੍ਹਾਂ ਭੈਅ ਵਿਚ ਨਾ ਆਉਣ ਅਤੇ ਆਪਣੇ ਘਰਾਂ ਵਿਚ ਗੁਰਬਾਣੀ ਦੇ ਪਾਵਨ ਗੁਟਕਾ ਸਾਹਿਬ ਅਤੇ ਪੋਥੀਆਂ ਪੂਰੇ ਸਤਿਕਾਰ ਅਤੇ ਮਰਯਾਦਾ ਨਾਲ ਰੱਖਣ, ਨਾ ਕਿ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਸਾਡਾ ਆਸਰਾ ਗੁਰਬਾਣੀ ਹੈ ਅਤੇ ਕੋਈ ਵੀ ਕਾਨੂੰਨ ਸਿੱਖ ਨੂੰ ਗੁਰਬਾਣੀ ਨਾਲੋਂ ਤੋੜ ਨਹੀਂ ਸਕਦਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਸਰਕਾਰ ਨੂੰ ਕਾਨੂੰਨ ਵਿਚ ਕੁਝ ਸੋਧਾਂ ਕਰਨ ਲਈ ਆਖਿਆ ਗਿਆ ਸੀ, ਪਰ ਪੰਜਾਬ ਦੀ ਸਰਕਾਰ ਅੱਗੋਂ ਅੜੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਇਸ ਮਾਮਲੇ ਸਬੰਧੀ ਸਿੱਖ ਪੰਥ ਦੇ ਨਾਮ ਆਦੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗੁਰਬਾਣੀ ਨਾਲੋਂ ਤੋੜਨ ਵਾਲੇ ਕਿਸੇ ਵੀ ਕਾਨੂੰਨ ਨੂੰ ਨਾ ਸਿੱਖਾਂ ਨੇ ਮੰਨਿਆ ਹੈ ਅਤੇ ਨਾ ਹੀ ਮੰਨਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸਿੱਖਾਂ ਨੂੰ ਮੀਰੀ ਪੀਰੀ ਦੇ ਸਿਧਾਂਤ 'ਤੇ ਪਹਿਰਾ ਦਿੰਦਿਆਂ ਰਾਜਸੀ ਤੌਰ 'ਤੇ ਮਜ਼ਬੂਤ ਹੋਣ ਲਈ ਇਕਜੁਟ ਹੋਣ ਦੀ ਲੋੜ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਉਪਦੇਸ਼ਾਂ ਅਨੁਸਾਰ ਜੀਵਨ ਜਿਊਣ ਅਤੇ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਣਾ ਵੀ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਗਿਆਨੀ ਮਲਕੀਤ ਸਿੰਘ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਬਗੀਚਾ ਸਿੰਘ, ਵਧੀਕ ਮੈਨੇਜਰ ਸ. ਬਿਕਰਮ ਸਿੰਘ ਝੰਗੀ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਸ. ਯੁਵਰਾਜ ਸਿੰਘ ਤੇ ਹੋਰ ਮੌਜੂਦ ਸਨ।

**ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜੇ ਜਲੌਅ**

### ਯੂਕੇ ਵਿੱਚ ਹੈਨਰੀ ਨੋਵਾਕ ਕਤਲ ਮਾਮਲੇ ਤੋਂ ਬਾਅਦ

# ਸਿੱਖਾਂ ਖ਼ਿਲਾਫ਼ ਵਧੀਆਂ ਨਫ਼ਰਤੀ ਘਟਨਾਵਾਂ

**ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਹੈਨਰੀ ਨੋਵਾਕ ਦੇ ਕਤਲ ਮਾਮਲੇ ਵਿੱਚ ਵਿਕਰਮ ਦਿਗਵਾ ਨੂੰ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਤੋਂ ਤਿੰਨ ਦਿਨ ਬਾਅਦ ਸਾਊਥਹੈਂਪਟਨ ਵਿੱਚ ਇੱਕ ਸਿੱਖ ਗ੍ਰੰਥੀ ਨਾਲ ਗਾਲੀ-ਗਲੋਚ ਅਤੇ ਧੱਕਾ-ਮੁੱਕੀ ਕੀਤੀ ਗਈ। ਇਕ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੂੰ "ਆਪਣੇ ਦੇਸ਼ ਵਾਪਸ ਜਾ" ਵਰਗੇ ਨਸਲੀ ਸ਼ਬਦ ਕਹੇ ਗਏ। ਹਾਲਾਂਕਿ ਉਨ੍ਹਾਂ ਨੂੰ ਕੋਈ ਸਰੀਰਕ ਸੱਟ

ਆਵਾਜ਼ਿ ਕੌਮ AWAZE QAUM International Newspaper & WEB TV

ਨਹੀਂ ਲੱਗੀ। ਸਥਾਨਕ ਸਿੱਖ ਭਾਈਚਾਰੇ ਦੇ ਮੈਂਬਰਾਂ ਦਾ ਕਹਿਣਾ ਹੈ ਕਿ ਦਿਗਵਾ ਦੀ ਸਜ਼ਾ ਤੋਂ ਬਾਅਦ ਸਿੱਖਾਂ ਪ੍ਰਤੀ ਨਫ਼ਰਤ ਅਤੇ ਵੈਰਭਾਵ ਕਾਫ਼ੀ ਵਧ ਗਿਆ ਹੈ। ਭਾਈਚਾਰੇ ਨੇ ਬਜ਼ੁਰਗਾਂ ਅਤੇ ਕਮਜ਼ੋਰ ਲੋਕਾਂ ਨੂੰ ਕੁਝ ਸਮੇਂ ਲਈ ਘਰਾਂ ਵਿੱਚ ਰਹਿਣ ਦੀ ਸਲਾਹ ਦਿੱਤੀ ਹੈ। ਲੰਡਨ ਦੇ ਅਮਰਜੀਤ ਸਿੰਘ ਨੇ ਸਿੱਖਾਂ ਖ਼ਿਲਾਫ਼ ਹੋ ਰਹੇ ਨਫ਼ਰਤੀ ਅਪਰਾਧਾਂ ਦੀ ਰਿਪੋਰਟ ਕਰਨ ਲਈ ਇੱਕ ਵੈੱਬਸਾਈਟ ਸ਼ੁਰੂ ਕੀਤੀ ਹੈ। ਉਨ੍ਹਾਂ ਮੁਤਾਬਕ ਪਿਛਲੇ ਕੁਝ ਦਿਨਾਂ ਵਿੱਚ ਲੋਕਾਂ ਨਾਲ ਥੁੱਕਣ, ਗਾਲਾਂ ਕੱਢਣ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕਈ ਮਾਮਲੇ ਸਾਹਮਣੇ ਆਏ ਹਨ।



ਕਈ ਸਿੱਖਾਂ ਨੂੰ ਇਹ ਵੀ ਪੁੱਛਿਆ ਗਿਆ ਕਿ ਕੀ ਉਹ ਕਿਰਪਾਨ ਰੱਖਦੇ ਹਨ। ਹਾਲਾਂਕਿ ਪੁਲਿਸ ਅਨੁਸਾਰ ਹੈਨਰੀ ਨੋਵਾਕ ਦੇ ਕਤਲ ਵਿੱਚ ਵਰਤਿਆ ਗਿਆ ਹਥਿਆਰ ਕਿਰਪਾਨ ਨਹੀਂ ਸੀ, ਸਗੋਂ ਇੱਕ ਪੇਸ਼-ਕਬਜ਼ (ਰਵਾਇਤੀ ਛੁਰਾ) ਸੀ। ਇਸ ਮਾਮਲੇ ਤੋਂ ਬਾਅਦ ਸਿੱਖ ਫੈਡਰਾਸ਼ਨ (ਯੂਕੇ) ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਿੱਖਾਂ ਖ਼ਿਲਾਫ਼ ਨਫ਼ਰਤੀ ਅਪਰਾਧਾਂ ਨੂੰ ਵੀ ਵੱਖਰੇ ਤੌਰ 'ਤੇ ਦਰਜ ਕੀਤਾ ਜਾਵੇ। ਸਿੱਖ ਫੈਡਰੇਸ਼ਨ ਦੇ ਪ੍ਰਮੁੱਖ ਮੈਂਬਰ ਦਬਿੰਦਰਜੀਤ ਸਿੰਘ ਬੀਪੀਓ ਨੇ ਕਿਹਾ ਕਿ ਦਿਗਵਾ ਦੇ ਜੁਰਮ ਲਈ ਬੇਕਸੂਰ ਅਤੇ ਕਾਨੂੰਨ ਦੀ ਪਾਲਣਾ ਕਰਨ ਵਾਲੇ ਸਿੱਖਾਂ ਨੂੰ ਨਿਸ਼ਾਨਾ ਬਣਾਉਣਾ ਬਿਲਕੁਲ ਅਸਵੀਕਾਰਯੋਗ ਹੈ।

# ਗੁਰਬਾਜ਼ ਸਿੰਘ ਸਿੱਧੂ ਨੇ ਜਨਤਕ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ, ਗੈਸ ਕੀਮਤਾਂ 'ਚ ਵਾਧੇ ਤੇ ਕੇਂਦਰ ਤੇ ਸਾਧੇ ਨਿਸ਼ਾਨੇ

ਤਲਵੰਡੀ ਸਾਬੋ, 07 ਜੂਨ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਚ ਪਿਛਲੇ ਸਮੇਂ ਤੋਂ ਕਾਂਗਰਸ ਪਾਰਟੀ ਵੱਲੋਂ ਰਾਜਸੀ ਤੌਰ ਤੇ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਖਿੱਤੇ ਅੰਦਰ ਜਿੱਥੇ ਕਈ ਨਿੱਜੀ ਤੇ ਜਨਤਕ ਪ੍ਰੋਗਰਾਮਾਂ ਚ ਸ਼ਮੂਲੀਅਤ ਕੀਤੀ ਉੱਥੇ ਉਨਾਂ ਨੇ ਸਿੱਧੂ ਪਰਿਵਾਰ ਦੇ ਨਜ਼ਦੀਕੀ ਤੇ ਜੱਟਮਹਾਂ ਸਭਾ ਦੇ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ ਦੇ ਸਹੁਰਾ ਸਾਹਿਬ ਦੀ ਪਿੰਡ ਪੇਰੋਂ ਵਿਖੇ ਅੰਤਿਮ ਅਰਦਾਸ ਸਮਾਗਮ ਚ ਵੀ ਹਾਜ਼ਰੀ ਭਰੀ ਅਤੇ ਦੌਰੇ ਉਪਰੰਤ ਗੱਲਬਾਤ ਦੌਰਾਨ ਉਨਾਂ ਨੇ ਘਰੇਲੂ ਗੈਸ ਕੀਮਤਾਂ ਚ ਵਾਧੇ ਕਾਰਣ ਕੇਂਦਰ ਸਰਕਾਰ ਤੇ ਜੰਮ ਕੇ ਨਿਸ਼ਾਨੇ ਸਾਧੇ। ਦੌਰੇ ਉਪਰੰਤ ਇੱਥੇ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਤੇਲ ਕੀਮਤਾਂ ਚ ਵਾਧੇ ਨਾਲ ਕੇਂਦਰ ਸਰਕਾਰ ਨੇ ਆਮ ਲੋਕਾਂ ਤੇ ਵਾਧੂ ਵਿੱਤੀ ਬੋਝ ਪਾਇਆ ਅਤੇ ਹੁਣ ਘਰੇਲੂ ਗੈਸ ਕੀਮਤਾਂ ਚ ਵੱਡੇ ਵਾਧੇ ਨਾਲ ਗ੍ਰਹਿਣੀਆਂ ਦੇ ਰਸੋਈ ਬਜਟ ਨੂੰ ਹਿਲਾ ਕੇ ਰੱਖ ਦਿੱਤਾ ਹੈ ਉਨਾਂ ਕਿਹਾ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਇੱਕ ਪਾਸੇ ਕੇਂਦਰ ਦੀ ਭਾਜਪਾ ਸਰਕਾਰ ਦੇ ਆਗੂ ਬਿਆਨ ਦਿੰਦੇ ਨਹੀ ਥੱਕਦੇ ਕਿ ਸਰਕਾਰ ਕੋਲ ਤੇਲ ਅਤੇ ਗੈਸ ਦਾ ਵਾਧੂ ਭੰਡਾਰ ਮੌਜੂਦ ਹਨ ਜਦੋਂਕਿ ਦੂਜੇ ਪਾਸੇ ਕੀਮਤਾਂ ਚ ਲਗਾਤਾਰ ਇਜ਼ਾਫਾ ਕੀਤਾ ਜਾ ਰਿਹੈ ਪੈਟਰੌਲ/ਡੀਜ਼ਲ ਦੀਆਂ ਕੀਮਤਾਂ ਤਾਂ ਸੋਨੇ ਵਾਂਗ ਹੋ ਗਈਆਂ ਹਨ ਕਿ ਹਰ ਸਵੇਰ ਉੱਠ ਕੇ ਦੇਖਣਾ ਪੈਂਦਾ ਹੈ ਕਿ ਅੱਜ ਕੀਮਤ ਕਿੰਨੀ ਹੈ ਉਨਾਂ ਮੰਗ ਕੀਤੀ ਕਿ ਸਰਕਾਰ ਨੂੰ ਘਰੇਲੂ ਗੈਸ ਕੀਮਤਾਂ ਚ 29 ਰੁਪਏ ਵਰਗਾ ਭਾਰੀ ਵਾਧਾ ਤੁਰੰਤ ਵਾਪਿਸ ਲੈਣਾ ਚਾਹੀਦੈ ਅਤੇ ਤੇਲ ਕੀਮਤਾਂ ਸਥਿਰ ਰੱਖਣ ਲਈ ਵੀ ਠੋਸ ਯਤਨ ਕਰਨੇ ਚਾਹੀਦੇ ਹਨ ਤਾਂਕਿ ਮਹਿੰਗਾਈ ਚ ਵੀ ਵਾਧਾ ਨਾ ਹੋਵੇ। ਸਿੱਧੂ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂਆਂ ਚੋਂ ਸੁਖਬੀਰ ਸਿੰਘ ਚੱਠਾ, ਕ੍ਰਿਸ਼ਨ ਯਾਦਵ, ਤਰਸੇਮ ਸਿੰਘ ਲਾਲੇਆਣਾ, ਗੁਰਾਂਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ, ਗੁਰਜੀਤ ਸਿੰਘ ਰੋਮਾਣਾ, ਗੁਰਮੇਲ ਸਿੰਘ ਲਾਲੇਆਣਾ, ਦਰਸ਼ਨ ਗਿੱਲ, ਜਸਪਾਲ ਸਿੰਘ ਭਗਵਾਨਪੁਰਾ ਆਦਿ ਮੌਜੂਦ ਨਜ਼ਰ ਆਏ।

ਆਵਾਜ਼ਿ ਕੌਮ AWAZE QAUM International Newspaper & WEB TV



# ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਰਾਗ ਅਲਾਪਣ ਵਾਲੀ ਸਰਕਾਰ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਵੀ ਕਰੇ ਪੱਕਿਆ—ਜਸਬੀਰ ਸਿੰਘ ਭੁੱਲਰ

ਫ਼ਿਰੋਜ਼ਪੁਰ, 08 ਜੂਨ (ਮਨੋਹਰ ਲਾਲ) :— ਪੰਜਾਬ ਵਿਚੋਂ ਠੇਕੇਦਾਰੀ ਸਿਸਟਮ ਖਤਮ ਕਰਕੇ ਵੱਖ—ਵੱਖ ਵਿਭਾਗਾਂ ਵਿਚ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੇ ਨਾਅਰੇ ਹੇਠ ਸਤ੍ਹਾ ਹਥਿਆਉਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਆਪਣੇ ਵਾਅਦੇ ਤੋਂ ਮੁਕਰ ਰਹੀ ਹੈ। ਇਹ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਇਨਚਾਰਜ ਜਸਬੀਰ ਸਿੰਘ ਭੁੱਲਰ ਨੇ ਕਿਹਾ ਕਿ ਰੋਜ਼ਾਨਾ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਰਾਗ ਅਲਾਪਣ ਵਾਲੀ ਸਰਕਾਰ ਬਿਨ੍ਹਾਂ ਦੇਰੀ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਵੀ ਪੱਕਿਆ ਕਰੇ ਤਾਂ ਜ਼ੋ ਉਨ੍ਹਾਂ ਦਾ ਭਵਿੱਖ ਵਿਚ ਸੁਰੱਖਿਅਤ ਹੋ ਸਕੇ। ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਅਦਾਰਿਆਂ ਨਾਲ ਆਮ ਲੋਕਾਂ ਦਾ ਤਾਲਮੇਲ ਬਣਾਉਣ ਵਾਲੇ ਸੇਵਾ ਕੇਂਦਰਾਂ ਦੇ ਮੁਲਾਜ਼ਮ ਅੱਜ ਆਪਣੇ—ਆਪ ਨੂੰ ਲੁਟਿਆ ਤੇ ਠੱਗਿਆ ਮਹਿਸੂਸ ਕਰ ਰਹੇ ਹਨ, ਕਿਉਂਕਿ ਜਿਥੇ ਇਨ੍ਹਾਂ ਮੁਲਾਜ਼ਮਾਂ ਨੂੰ ਸਰਕਾਰ ਨੇ ਆਪਣੇ ਅਖੀਰਲੇ ਸਾਲ ਵਿਚ ਵੀ ਰੈਗੂਲਰ ਨਹੀਂ ਕੀਤਾ, ਉਥੇ ਨਿਗੂਣੀਆਂ ਤਨਖਾਹਾਂ ਦੇ ਕੇ ਪੜ੍ਹੇ—ਲਿਖੇ ਨੌਜਵਾਨਾਂ ਦਾ ਸੋਸ਼ਨ ਕੀਤਾ ਜਾ ਰਿਹਾ ਹੈ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਥੋੜ੍ਹੀ ਹੈ। ਉਨ੍ਹਾਂ ਕਿਹਾ ਕਿ ਲੰਬੇ ਅਰਸੇ ਤੋਂ ਸੰਘਰਸ਼ ਕਰ ਰਹੇ ਇਨ੍ਹਾਂ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੀ ਸਰਕਾਰ ਜਾਂ ਸਰਕਾਰ ਦੇ ਅਦਾਰੇ ਤੇ ਕਿਸੇ ਵੀ ਪ੍ਰਸ਼ਾਸਨਿਕ ਅਧਿਕਾਰੀ ਨੇ ਬਾਤ ਤੱਕ ਨਹੀਂ ਪੁੱਛੀ, ਜਿਸ ਤੋਂ ਸਰਕਾਰ ਦੀ ਕਹਿਣੀ ਤੇ ਕਥਨੀ ਆਪ ਮੁਹਾਰੇ ਸਾਹਮਣੇ ਆ ਰਹੀ ਹੈ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਕਿਹਾ ਕਿ ਲੰਮੇ ਅਰਸੇ ਤੋਂ ਚੱਲ ਰਿਹਾ ਸੁਵਿਧਾ ਸੈਂਟਰ ਦੇ ਧਰਨੇ ਤੇ ਲੋਕਾਂ ਵੱਲੋਂ ਹਾਹਾਕਾਰ ਮੱਚੀ ਹੋਈ ਹੈ ਅਤੇ ਲੋਕ ਖੱਜਲ—ਖੁਆਰ ਹੋ ਰਹੇ ਹਨ, ਪਰ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕੀ। ਉਨ੍ਹਾਂ ਕਿਹਾ ਕਿ ਇਸ ਤੋਂ ਵੱਧ ਜੁਲਮ ਕੀ ਹੋਵੇਗਾ ਕਿ ਸਰਕਾਰੀ ਬਿਲਡਿੰਗ ਵਿਚ ਸਰਕਾਰੀ ਵਿਭਾਗਾਂ ਨਾਲ ਜੁੜਿਆ ਕੰਮ ਕਿਸੇ ਧਨਾਂਢ ਨੂੰ ਦੇ ਕੇ ਨੌਜਵਾਨੀ ਦਾ ਸੋਸ਼ਣ ਕਰਣ ਦੇ ਨਾਲ—ਨਾਲ ਸਰਕਾਰੀ ਤੰਤਰ ਨੂੰ ਉਲਝਾਉਂਦੇ ਹੋਏ ਲੁਟਿਆ ਤੇ ਕੁਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮੁਲਾਜ਼ਮ ਜਿਹੜੇ ਕਿ ਕਾਫੀ ਘੱਟ ਤਨਖਾਹਾਂ ਲੈ ਕੇ ਕੰਮ ਕਰਦੇ ਹਨ ਅਤੇ ਸਿਰਫ ਇਨ੍ਹਾਂ ਨੂੰ ਤਨਖਾਹਾਂ ਡੀ.ਸੀ ਰੇਟ ਦਾ ਦਿਹਾੜੀਦਾਰ ਕਾਮਿਆਂ ਬਰਾਬਰ ਮਿਲਦਾ ਹੈ, ਜਿਸ ਨਾਲ ਅੱਜ ਦੇ ਮਹਿੰਗਾਈ ਵਿਚ ਸਿਰਫ 13—14 ਹਜ਼ਾਰ ਰੁਪਏ ਨਾਲ ਗੁਜਾਰਾ ਹੋਣਾ ਬਹੁਤ ਹੀ ਮੁਸ਼ਿਕਲ ਹੈ, ਕਿਉਂਕਿ ਇਸ ਮਹਿੰਗਾਈ ਵਿਚ ਬੱਚਿਆਂ ਦੀਆਂ ਫੀਸਾਂ, ਰਾਸ਼ਨ, ਬਿਜਲੀ ਬਿੱਲ, ਪਟਰੋਲ ਜ਼ੋ ਕਿ ਹਰ ਰੋਜ਼ ਪੁਆਉਣਾ ਪੈਂਦਾ ਹੈ ਅਤੇ ਕਪੜਿਆਂ ਦਾ ਖਰਚਾ, ਸਬਜੀਆਂ ਦਾ ਖਰਚਾ ਅਤੇ ਕਈ ਮੁਲਾਜ਼ਮਾਂ ਨੂੰ ਮਕਾਨ ਦਾ ਕਿਰਾਇਆ ਵੀ ਦੇਣਾ ਪੈਂਦਾ ਹੈ, ਜਿਸ ਨਾਲ ਮੁਲਾਜ਼ਮ ਆਪਣਾ ਗੁਜਾਰਾ ਤੰਗੀ ਤੁਰਸ਼ੀ ਨਾਲ ਕਰਦਾ ਹੈ। ਸ੍ਰੀ ਭੁੱਲਰ ਨੇ ਅੱਗੇ ਕਿਹਾ ਕਿ ਇਕ ਪਾਸੇ ਸਰਕਾਰ ਹਰ ਰੋਜ਼ ਬਿਆਨ ਦੇ ਰਹੀ ਹੈ ਕਿ ਆਊਟ ਸੋਰਸਜ਼ ਮੁਲਾਜ਼ਮ ਜਿਹੜੇ ਕਿ ਠੇਕੇਦਾਰ ਸਿਸਟਮ ਨਾਲ ਕੰਮ ਕਰਦੇ ਹਨ, ਉਨ੍ਹਾਂ ਮੁਲਾਜ਼ਮ ਜਿਹੜੇ ਆਪਣੇ ਪੰਜ ਸਾਲ ਪੂਰੇ ਕਰ ਚੁੱਕੇ ਹਨ, ਪੱਕਾ ਕੀਤਾ ਜਾਵੇਗਾ, ਜ਼ੋ ਕਿ 65 ਹਜ਼ਾਰ ਤੋਂ ਵੱਧ ਹਨ, ਪਰ ਹਾਲੇ ਤੱਕ ਪੰਜਾਬ ਸਰਕਾਰ ਲਾਰੇ ਲੱਪੇ ਤੋਂ ਇਲਾਵਾ ਕੁਝ ਵੀ ਨਹੀਂ ਦਿੱਤਾ। ਅਸੀਂ ਪੰਜਾਬ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਪੱਕਾ ਕਰਕੇ ਇਨ੍ਹਾਂ ਦੀ ਤਨਖਾਹ ਦੂਜੇ ਸਰਕਾਰੀ ਮੁਲਾਜ਼ਮਾਂ ਦੇ ਬਰਾਬਰ ਕੀਤੀ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡਾ. ਬਲਵਿੰਦਰ ਕੌਰ ਬਰਿਆਣਾ ਦੀ ਕਿਤਾਬ "ਤੂਹੀ ਨਿਸ਼ਾਨੀ ਜੀਤ ਕੀ" ਨੇ

# ਸਿੱਖ ਸ਼ਸਤ੍ਰ ਵਿਰਾਸਤ ਦੇ ਅਣਛੂਹੇ ਪੱਖ ਕੀਤੇ ਉਜਾਗਰ



**ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਪ੍ਰਸਿੱਧ ਖੋਜਕਾਰ, ਵਿਦਵਾਨ ਅਤੇ ਲੇਖਿਕਾ ਡਾ. ਬਲਵਿੰਦਰ ਕੌਰ ਬਰਿਆਣਾ ਵੱਲੋਂ ਦਸ ਸਾਲਾਂ ਦੀ ਅਥਕ ਮਿਹਨਤ ਅਤੇ ਡੂੰਘੀ ਖੋਜ ਤੋਂ ਬਾਅਦ ਤਿਆਰ ਕੀਤੀ ਗਈ ਕਿਤਾਬ "ਤੂਹੀ ਨਿਸ਼ਾਨੀ ਜੀਤ ਕੀ" ਨੇ ਸਿੱਖ ਸ਼ਸਤ੍ਰ ਕਲਾ, ਸਾਕਾ ਨੀਲਾ ਤਾਰਾ ਵਿਚ ਮਲਬੇ ਅੰਦਰ ਦੱਬ ਗਏ ਇਤਿਹਾਸਿਕ ਸ਼ਸ਼ਤਰ, ਇਤਿਹਾਸਕ ਵਿਰਾਸਤ ਅਤੇ ਗੁਰੂ ਸਾਹਿਬਾਨ ਨਾਲ ਸੰਬੰਧਤ ਦੁਰਲੱਭ ਸ਼ਸਤ੍ਰਾਂ ਦੇ ਅਣਗੌਲੇ ਪੱਖਾਂ ਨੂੰ ਨਵੀਂ ਰੌਸ਼ਨੀ ਵਿੱਚ ਪੇਸ਼ ਕੀਤਾ ਹੈ। ਸਿੱਖ ਇਤਿਹਾਸ ਅਤੇ ਵਿਰਾਸਤ ਦੇ ਖੇਤਰ ਵਿੱਚ ਇਹ ਪੁਸਤਕ ਇੱਕ ਮਹੱਤਵਪੂਰਨ ਦਸਤਾਵੇਜ਼ ਵਜੋਂ ਸਾਹਮਣੇ ਆਈ ਹੈ, ਜਿਸ ਨੂੰ ਵਿਦਵਾਨ ਵਰਗ ਵੱਲੋਂ ਇੱਕ ਮੀਲ-ਪੱਥਰ ਰਚਨਾ ਮੰਨਿਆ ਜਾ ਰਿਹਾ ਹੈ। ਡਾ. ਬਲਵਿੰਦਰ ਕੌਰ ਬਰਿਆਣਾ ਟਕਸਾਲੀ ਗੁਰਸਿੱਖ ਪਰਿਵਾਰ ਨਾਲ ਸੰਬੰਧਿਤ ਹਨ। ਉਹ ਸਵਰਗਵਾਸੀ ਜਥੇਦਾਰ ਪ੍ਰੀਤਮ ਸਿੰਘ ਮੁਕੇਰੀਆਂ ਦੀ ਧੀ ਹਨ, ਜਿਨ੍ਹਾਂ ਨੇ ਧਰਮ ਯੁੱਧ ਮੋਰਚੇ ਦੌਰਾਨ ਲੰਬਾ ਜੇਲ੍ਹ ਵਾਸ ਕੱਟਿਆ। ਉਹ ਪ੍ਰਸਿੱਧ ਪੱਤਰਕਾਰ ਪਰਮਿੰਦਰ ਸਿੰਘ ਬਰਿਆਣਾ ਦੀ ਧਰਮ ਪਤਨੀ ਵੀ ਹਨ। ਉਨ੍ਹਾਂ ਨੇ ਸੰਨ 1990 ਵਿੱਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਅੰਗਰੇਜ਼ੀ ਵਿਸ਼ੇ ਵਿੱਚ ਐੱਮ.ਏ. ਦੀ ਡਿਗਰੀ ਪ੍ਰਾਪਤ ਕੀਤੀ। ਇਸ ਤੋਂ ਬਾਅਦ ਪੰਜਾਬੀ ਵਿਸ਼ੇ ਵਿੱਚ ਐੱਮ.ਏ. ਕਰਨ ਉਪਰੰਤ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ 'ਹਰਿੰਦਰ ਸਿੰਘ ਮਹਿਬੂਬ ਤੇ ਵਾਲਟ ਵਿਟਮੈਨ, ਤੁਲਨਾਤਮਕ ਅਧਿਐਨ' ਵਿਸ਼ੇ ਉੱਤੇ ਖੋਜ ਕਰਕੇ ਡਾਕਟਰੇਟ ਦੀ ਡਿਗਰੀ ਹਾਸਲ ਕੀਤੀ। ਇਹ ਖੋਜ-ਕਾਰਜ ਆਪਣੇ ਆਪ ਵਿੱਚ ਇੱਕ ਨਿਵੇਕਲਾ ਅਤੇ ਵਿਲੱਖਣ ਯਤਨ ਸੀ, ਜਿਸ ਦੀ ਵਿਦਵਾਨਾਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ। ਡਾ. ਬਰਿਆਣਾ ਦੀ ਕਿਤਾਬ "ਤੂਹੀ ਨਿਸ਼ਾਨੀ ਜੀਤ ਕੀ" ਸਿੱਖ ਧਰਮ ਵਿੱਚ ਸ਼ਸਤ੍ਰਾਂ ਦੀ ਮਹੱਤਤਾ ਨੂੰ ਕੇਵਲ ਯੁੱਧ ਦੇ ਸਾਧਨ ਨਹੀਂ, ਸਗੋਂ ਮਨੁੱਖੀ ਅਜ਼ਾਦੀ, ਧਾਰਮਿਕ ਸੁਤੰਤਰਤਾ, ਸਮਾਜਿਕ ਨਿਆਂ ਅਤੇ ਜ਼ੁਲਮ ਵਿਰੁੱਧ ਸੰਘਰਸ਼ ਦੇ ਪ੍ਰਤੀਕ ਵਜੋਂ ਪੇਸ਼ ਕਰਦੀ ਹੈ। ਆਪਣੀ ਖੋਜ ਵਿੱਚ ਉਨ੍ਹਾਂ ਨੇ ਸਾਬਤ ਕੀਤਾ ਹੈ ਕਿ ਸਿੱਖ ਪਰੰਪਰਾ ਵਿੱਚ ਸ਼ਸਤ੍ਰਾਂ ਦੀ ਵਰਤੋਂ ਕਦੇ ਵੀ ਹਮਲਾਵਰ ਮਨੋਵਿਰਤੀ, ਰਾਜਸੀ ਲਾਲਸਾ ਜਾਂ ਜ਼ਮੀਨੀ ਵਿਸਥਾਰ ਲਈ ਨਹੀਂ ਕੀਤੀ ਗਈ, ਸਗੋਂ ਕਮਜ਼ੋਰਾਂ ਦੀ ਰੱਖਿਆ ਅਤੇ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਲਈ ਕੀਤੀ ਗਈ।

ਕਿਤਾਬ ਵਿੱਚ ਗੁਰੂ ਸਾਹਿਬਾਨ ਦੇ ਦੁਰਲੱਭ ਸ਼ਸਤ੍ਰਾਂ ਦੀਆਂ ਤਸਵੀਰਾਂ ਦੇ ਨਾਲ-ਨਾਲ ਉਨ੍ਹਾਂ ਨਾਲ ਸੰਬੰਧਿਤ ਵਿਲੱਖਣ ਇਤਿਹਾਸਕ ਜਾਣਕਾਰੀ ਵੀ ਸ਼ਾਮਲ ਕੀਤੀ ਗਈ ਹੈ। ਲੇਖਿਕਾ ਨੇ ਭਾਰਤ ਦੀ ਪ੍ਰਾਚੀਨ ਸ਼ਸਤ੍ਰ ਵਿਦਿਆ ਨੂੰ ਅਫ਼ਗਾਨ, ਮੁਗ਼ਲ ਅਤੇ ਅੰਗਰੇਜ਼ ਹਮਲਿਆਂ ਕਾਰਨ ਪਹੁੰਚੇ ਨੁਕਸਾਨ ਦਾ ਵੀ ਵਿਸਥਾਰ ਨਾਲ ਵਰਣਨ ਕੀਤਾ ਹੈ। ਵਿਸ਼ੇਸ਼ ਤੌਰ 'ਤੇ 1966 ਵਿੱਚ ਲਾਰਡ ਡਲਹੌਜ਼ੀ ਦੀ ਪੋਤਰੀ ਲੇਡੀ ਲਿੰਡਸੇ ਵੱਲੋਂ ਸਾਹਿਬ-ਏ-ਕਮਾਲ ਨਾਲ ਸੰਬੰਧਤ ਇਤਿਹਾਸਕ ਸ਼ਸਤ੍ਰ ਵਾਪਸ ਭੇਜੇ ਜਾਣ ਦੀ ਘਟਨਾ ਨੂੰ ਇਤਿਹਾਸਕ ਨਿਆਂ ਦੀ ਇੱਕ ਮਹੱਤਵਪੂਰਨ ਮਿਸਾਲ ਵਜੋਂ ਦਰਸਾਇਆ ਗਿਆ ਹੈ। ਖੋਜ ਦੌਰਾਨ ਡਾ. ਬਰਿਆਣਾ ਨੇ 1984 ਦੇ ਫ਼ੌਜੀ ਹਮਲੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਤਿਹਾਸਕ ਸ਼ਸਤ੍ਰਾਂ ਨੂੰ ਹੋਏ ਨੁਕਸਾਨ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਇਕੱਠੀ ਕੀਤੀ। ਉਸ ਸਮੇਂ ਦੇ ਫ਼ਰਾਸ਼ ਸਵਰਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਕਿਤਾਬ ਵਿੱਚ ਦਰਸਾਇਆ ਗਿਆ ਹੈ ਕਿ ਬੰਬਾਰੀ ਕਾਰਨ ਗੁਰੂ ਸਾਹਿਬਾਨ ਨਾਲ ਸੰਬੰਧਤ ਕਈ ਅਨਮੋਲ ਸ਼ਸਤ੍ਰ ਬੁਰੀ ਤਰ੍ਹਾਂ ਨੁਕਸਾਨੇ ਗਏ ਸਨ। ਬਾਅਦ ਵਿੱਚ ਹਜ਼ੂਰ ਸਾਹਿਬ ਦੇ ਬਾਬਾ ਨਰਿੰਦਰ ਸਿੰਘ ਦੀ ਅਗਵਾਈ ਹੇਠ ਇਨ੍ਹਾਂ ਸ਼ਸਤ੍ਰਾਂ ਦੀ ਵਿਸ਼ੇਸ਼ ਸੇਵਾ ਅਤੇ ਪੁਨਰ-ਸੰਭਾਲ ਕੀਤੀ ਗਈ। ਕਿਤਾਬ ਦਾ ਇੱਕ ਹੋਰ ਮਹੱਤਵਪੂਰਨ ਪੱਖ ਸਿੱਖ ਸ਼ਸਤ੍ਰ ਪਰੰਪਰਾ ਦੇ ਰੂਹਾਨੀ ਅਤੇ ਦਾਰਸ਼ਿਨਕ ਅਧਾਰਾਂ ਨੂੰ ਉਜਾਗਰ ਕਰਨਾ ਹੈ। ਲੇਖਿਕਾ ਅਨੁਸਾਰ ਸਿੱਖ ਸ਼ਸਤ੍ਰ ਕਲਾ ਦੀ ਬੁਨਿਆਦ ਗੁਰੂ ਨਾਨਕ ਦੇਵ ਜੀ ਦੇ ਸੱਚ, ਨਿਆਂ ਅਤੇ ਜ਼ੁਲਮ ਵਿਰੁੱਧ ਉਚਾਰੇ ਸੰਦੇਸ਼ ਵਿੱਚ ਨਿਹਿਤ ਹੈ, ਜੋ ਅੱਗੇ ਚੱਲ ਕੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਮੀਰੀ-ਪੀਰੀ ਦੀ ਸੰਕਲਪਨਾ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਖ਼ਾਲਸਾ ਸਾਜਨਾ ਰਾਹੀਂ ਪੂਰਨਤਾ ਤੱਕ ਪਹੁੰਚਦੀ ਹੈ। ਡਾ. ਬਲਵਿੰਦਰ ਕੌਰ ਬਰਿਆਣਾ ਦਾ ਕਹਿਣਾ ਹੈ ਕਿ ਇਹ ਕਿਤਾਬ ਸਿਰਫ਼ ਇਤਿਹਾਸਕ ਸ਼ਸਤ੍ਰਾਂ ਦਾ ਵੇਰਵਾ ਨਹੀਂ, ਸਗੋਂ ਸਿੱਖ ਕੌਮ ਦੇ ਸੰਘਰਸ਼, ਆਤਮ-ਸਨਮਾਨ, ਨਿਆਂ ਅਤੇ ਮਨੁੱਖੀ ਅਧਿਕਾਰਾਂ ਲਈ ਕੀਤੀ ਗਈ ਲੰਮੀ ਲੜਾਈ ਦਾ ਜੀਵੰਤ ਦਸਤਾਵੇਜ਼ ਹੈ। ਉਨ੍ਹਾਂ ਅਨੁਸਾਰ ਇਹ ਰਚਨਾ ਉਨ੍ਹਾਂ ਦੀ "ਰੂਹ ਦਾ ਸਫ਼ਰ" ਹੈ, ਜਿਸ ਰਾਹੀਂ ਉਹਨਾਂ ਨੇ ਸਿੱਖ ਵਿਰਾਸਤ ਦੇ ਅਣਗੌਲੇ ਅਤੇ ਅਣਛੂਹੇ ਪੱਖਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਯਤਨ ਕੀਤਾ ਹੈ। ਵੱਖ-ਵੱਖ ਅਖ਼ਬਾਰਾਂ ਵਿੱਚ ਲੇਖ ਲਿਖਣ ਵਾਲੀ ਡਾ. ਬਲਵਿੰਦਰ ਕੌਰ ਬਰਿਆਣਾ ਇਸ ਸਮੇਂ ਇੱਕ ਸਰਕਾਰੀ ਸਕੂਲ ਵਿੱਚ ਅੰਗਰੇਜ਼ੀ ਲੈਕਚਰਾਰ ਵਜੋਂ ਸੇਵਾਵਾਂ ਨਿਭਾ ਰਹੀ ਹੈ। ਉਨ੍ਹਾਂ ਦੀ ਇਹ ਕਿਤਾਬ ਸਿੱਖ ਇਤਿਹਾਸ, ਸ਼ਸਤ੍ਰ ਕਲਾ ਅਤੇ ਵਿਰਾਸਤੀ ਸੰਭਾਲ ਵਿੱਚ ਦਿਲਚਸਪੀ ਰੱਖਣ ਵਾਲੇ ਖੋਜਕਾਰਾਂ, ਵਿਦਵਾਨਾਂ ਅਤੇ ਆਮ ਪਾਠਕਾਂ ਲਈ ਇੱਕ ਅਮੁੱਲ ਅਤੇ ਮਹੱਤਵਪੂਰਨ ਦਸਤਾਵੇਜ਼ ਸਾਬਤ ਹੋ ਰਹੀ ਹੈ। ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਜਦੋਂ ਸਿੱਖ ਧਰਮ, ਇਤਿਹਾਸ ਅਤੇ ਸਾਹਿਤ ਦੀ ਗੱਲ ਹੋਵੇਗੀ, ਇਹ ਕਿਤਾਬ ਨਿਸ਼ਚਿਤ ਤੌਰ 'ਤੇ ਉਸ ਚਰਚਾ ਦਾ ਅਹਿਮ ਹਿੱਸਾ ਬਣੇਗੀ।

### ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਤੀਸਰੇ ਸਲਾਨਾ ਸ਼ਹੀਦੀ ਦਿਹਾੜੇ ਮੌਕੇ

# ਵਿਸ਼ਾਲ ਸਮਾਗਮਾਂ ਦਾ ਐਲਾਨ: ਭਾਈ ਤੂਰ, ਭਾਈ ਰੰਧਾਵਾ



**ਨਵੀਂ ਦਿੱਲੀ, 8 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਅਤੇ ਟੀਮ ਸ਼ਹੀਦ ਨਿੱਝਰ ਵੱਲੋਂ ਸ਼ਹੀਦ ਜਥੇਦਾਰ ਹਰਦੀਪ ਸਿੰਘ ਨਿੱਝਰ ਦੇ ਤੀਸਰੇ ਸਲਾਨਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਕੌਮੀ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਸਮਾਗਮਾਂ ਦੀ ਸ਼ੁਰੂਆਤ 7 ਜੂਨ 2026 ਨੂੰ ਮਾਤਾ ਸਾਹਿਬ ਕੌਰ ਹਾਲ ਨੰਬਰ 2, ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ, ਸ਼ਹੀਦੀ ਅਸਥਾਨ ਸਰੀ ਵਿਖੇ ਸਵੇਰੇ 11 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਆਰੰਭ ਨਾਲ ਹੋਈ। ਉਨ੍ਹਾ ਦਸਿਆ 18 ਜੂਨ 2026 ਨੂੰ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਸੰਪੂਰਨ ਭੋਗ ਪਾਏ ਜਾਣਗੇ। ਇਸ ਉਪਰੰਤ ਸਵੇਰੇ 10 ਵਜੇ ਤੋਂ 11 ਵਜੇ ਤੱਕ ਸ਼ਰਧਾਂਜਲੀ ਸਮਾਗਮ ਅਤੇ ਸੰਕਲਪ ਸਮਾਰੋਹ ਕਰਵਾਇਆ ਜਾਵੇਗਾ, ਜਿਸ ਵਿੱਚ ਸ਼ਹੀਦ ਪਰਿਵਾਰ, ਪ੍ਰਮੁੱਖ ਬੁਲਾਰੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾ ਕਿਹਾ ਇਸੇ ਦਿਨ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਵੈਨਕੂਵਰ ਸਥਿਤ ਭਾਰਤੀ ਕੌਂਸਲਖਾਨੇ ਦੇ ਬਾਹਰ ਸਿੱਖਸ ਫਾਰ ਜਸਟਿਸ ਵੱਲੋਂ ਵਿਸ਼ੇਸ਼ ਅਦਾਲਤ ਅਤੇ ਸਲਾਨਾ ਵਿਰੋਧ ਪ੍ਰਦਰਸ਼ਨ ਆਯੋਜਿਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦਾ ਉਦੇਸ਼ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਲਈ ਇਨਸਾਫ਼ ਦੀ ਮੰਗ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾ ਦਸਿਆ 20 ਜੂਨ 2026 ਨੂੰ ਮਿਰਾਜ ਬੈਂਕੁਇਟ ਹਾਲ, ਸਰੀ ਵਿਖੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਜਾਣਗੇ। ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਵਿੱਚ ਬੱਚਿਆਂ ਲਈ ਵਿਸ਼ੇਸ਼ ਇਨਾਮ ਵੀ ਰੱਖੇ ਗਏ ਹਨ। ਅੰਤ ਵਿਚ ਉਨ੍ਹਾ ਦਸਿਆ ਸਾਰੇ ਸਮਾਗਮਾਂ ਦੌਰਾਨ ਗੁਰੂ ਕੇ ਅਤੁੱਟ ਲੰਗਰ ਵਰਤਾਏ ਜਾਣਗੇ। ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼ਹੀਦ ਦੀ ਯਾਦ ਨੂੰ ਸਮਰਪਿਤ ਇਨ੍ਹਾਂ ਸਮਾਗਮਾਂ ਵਿੱਚ ਹਾਜ਼ਰੀ ਭਰਨ ਅਤੇ ਕੌਮੀ ਏਕਤਾ ਦਾ ਪ੍ਰਗਟਾਵਾ ਕਰਨ।

# ਗਰਮ ਖਿਆਲੀ ਜਥੇਬੰਦੀਆਂ ਸਿੱਖ ਨੌਜਵਾਨਾਂ ਨੂੰ ਗੁੰਮਰਾਹ ਨਾ ਕਰਨ: ਗੁਨਜੀਤ ਸਿੰਘ ਬਖ਼ਸ਼ੀ

## ਸਿੱਖ ਧਰਮ ਸੇਵਾ, ਭਾਈਚਾਰੇ, ਨਿਆਂ ਅਤੇ "ਸਰਬੱਤ ਦੇ ਭਲੇ" ਦਾ ਦਿੰਦਾ ਹੈ ਸੰਦੇਸ਼



ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਬ੍ਰਦਰਹੁੱਡ ਇੰਟਰਨੈਸ਼ਨਲ ਦੇ ਮੁਖੀ ਗੁਨਜੀਤ ਸਿੰਘ ਬਖ਼ਸ਼ੀ ਨੇ ਕਿਹਾ ਕਿ ਸਿੱਖ ਕੌਮ ਦੇ ਨਾਮ 'ਤੇ ਵੱਖਵਾਦ ਅਤੇ ਨੌਜਵਾਨਾਂ ਨੂੰ ਭੜਕਾਉਣ ਵਾਲੀਆਂ ਜਥੇਬੰਦੀਆਂ ਪੰਥ ਦੀ ਸੇਵਾ ਨਹੀਂ ਕਰ ਰਹੀਆਂ। ਉਨ੍ਹਾਂ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਹਰ ਸਿੱਖ ਲਈ ਦੁਖਦਾਈ ਹਨ, ਪਰ ਇਸ ਦਰਦ ਨੂੰ ਨਫ਼ਰਤ ਜਾਂ ਟਕਰਾਅ ਲਈ ਵਰਤਣਾ ਠੀਕ ਨਹੀਂ। ਕੁਝ ਗਰਮ ਖਿਆਲੀ ਧੜੇ ਭਾਵਨਾਤਮਕ ਨਾਰਿਆਂ ਰਾਹੀਂ ਨੌਜਵਾਨਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਬਖ਼ਸ਼ੀ ਨੇ ਕਿਹਾ ਕਿ ਇਨ੍ਹਾਂ ਧੜਿਆਂ ਵਿੱਚ ਆਪਸੀ ਏਕਤਾ ਅਤੇ ਸਾਂਝੀ ਸੋਚ ਦੀ ਘਾਟ ਹੈ। ਕੋਈ ਚੋਣੀ ਰਾਜਨੀਤੀ, ਕੋਈ ਰੈਫਰੈਂਡਮ ਅਤੇ ਕੋਈ ਹਥਿਆਰਬੰਦ ਸੰਘਰਸ਼ ਦੀ ਗੱਲ ਕਰਦਾ ਹੈ, ਜਿਸ ਨਾਲ ਉਨ੍ਹਾਂ ਦੀ ਅਸਪੱਸ਼ਟ ਦਿਸ਼ਾ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਸੇਵਾ, ਭਾਈਚਾਰੇ, ਨਿਆਂ ਅਤੇ "ਸਰਬੱਤ ਦਾ ਭਲਾ" ਦਾ ਸੰਦੇਸ਼ ਦਿੰਦਾ ਹੈ। ਸਿੱਖ ਨੌਜਵਾਨਾਂ ਨੂੰ ਸੋਸ਼ਲ ਮੀਡੀਆ ਅਤੇ ਕੱਟੜਪੰਥੀ ਪ੍ਰਚਾਰ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਦੀ ਤਰੱਕੀ ਸਿੱਖਿਆ, ਰੋਜ਼ਗਾਰ, ਸਮਾਜਿਕ ਸੁਧਾਰ ਅਤੇ ਪੰਥਕ ਏਕਤਾ ਵਿੱਚ ਹੈ। ਨੌਜਵਾਨਾਂ ਨੂੰ ਅਜਿਹੇ ਤੱਤਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਜੋ ਇਤਿਹਾਸਕ ਘਟਨਾਵਾਂ ਦੀ ਆੜ ਵਿੱਚ ਆਪਣੀਆਂ ਰਾਜਨੀਤਿਕ ਮਨਸ਼ਾਵਾਂ ਪੂਰੀਆਂ ਕਰਨ ਦੀ ਕੋਸ਼ਿਸ਼ ਕਰਦੇ ਹਨ।

## ਬੇਰੁਜ਼ਗਾਰ ਨੌਜਵਾਨਾਂ ਉੱਤੇ ਕੀਤਾ ਲਾਠੀਚਾਰਜ ਅਤਿ ਨਿੰਦਣਯੋਗ : ਰਣਜੀਤ ਸਿੰਘ ਰੰਧਾਵਾ



ਧੂਰੀ ( ਰਣਜੀਤ ਸਿੰਘ ਪੇਧਨੀ ) ਬੀਤੇ ਕੱਲ ਪਟਿਆਲਾ ਵਿਖੇ ਆਪਣੇ ਰੋਜ਼ਗਾਰ ਦੇ ਹੱਕ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਬੇਰੁਜ਼ਗਾਰ ਨੌਜਵਾਨਾਂ ਉੱਤੇ ਪੰਜਾਬ ਪੁਲਿਸ ਵੱਲੋਂ ਕੀਤਾ ਗਿਆ ਲਾਠੀਚਾਰਜ ਅਤਿ ਨਿੰਦਣਯੋਗ ਹੈ। ਇਸ ਘਟਨਾਂ ਤੋਂ ਇੰਜ ਜਾਪਦੈ ਜਿਵੇਂ ਪੰਜਾਬ ਸਰਕਾਰ ਸੂਬੇ ਦੇ ਹੱਕ ਮੰਗਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਡਾਂਗਾਂ ਮਾਰਕੇ ਜਲੀਲ ਕਰਨ ਵਿੱਚ ਮਾਣ ਮਹਿਸੂਸ ਕਰ ਰਹੀ ਹੋਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ ਉਹਨਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਅਧਿਕਾਰ ਹੈ। ਨੌਜਵਾਨ ਰੋਜ਼ਗਾਰ ਦੀ ਮੰਗ ਕਰ ਰਹੇ ਹਨ, ਪਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਸੁਣਨ ਦੀ ਬਜਾਏ ਪੁਲਿਸ ਬਲ ਦੀ ਵਰਤੋਂ ਕਰਕੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਕਿ ਬਹੁਤ ਹੀ ਮੰਦਭਾਗਾ ਅਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਮੰਗ ਕਰਦਾ ਹੈ ਕਿ ਬੇਰੁਜ਼ਗਾਰ ਨੌਜਵਾਨਾਂ ਨਾਲ ਕੀਤੀ ਗਈ ਧੱਕੇਸ਼ਾਹੀ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਨੌਜਵਾਨਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ।

## ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਬੇਹੱਦ ਸ਼ਰਮਨਾਕ : ਗੁਰਮੇਲ ਸਿੰਘ ਮੌੜ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਪਟਿਆਲਾ ਵਿਖੇ ਬੇਰੁਜ਼ਗਾਰ ਅਪ੍ਰੈਂਟਿਸ਼ਪ ਲਾਈਨਮੈਨਾਂ 'ਤੇ ਪੁਲਿਸ ਵੱਲੋਂ ਕੀਤੇ ਗਏ ਭਿਆਨਕ ਤਸ਼ੱਦਦ ਦੀ ਜਿੰਨੀ ਨਿੰਦਾ ਕੀਤੀ ਜਾਵੇ ਥੋੜ੍ਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਐਸੀ ਵਿੰਗ ਦੇ ਜਿਲਾ ਚੇਅਰਮੈਨ, ਗੁਰਮੇਲ ਸਿੰਘ ਮੌੜ ਨੇ ਕੀਤਾ। ਉਹਨਾਂ ਕਿਹਾ ਕਿ ਨੌਜਵਾਨ ਪੁਲਿਸ ਦੀਆਂ ਡਾਂਗਾਂ ਖਾਣ ਲਈ ਪੈਦਾ ਨਹੀਂ ਹੋਏ ਉਹ ਆਪਣੇ ਹੱਥਾਂ ਨਾਲ ਮਿਹਨਤ ਕਰਕੇ ਦੇਸ਼ ਦੀ ਸੇਵਾ ਕਰਨ ਲਈ ਪੈਦਾ ਹੋਏ ਹਨ। ਉਹਨਾਂ ਕਿਹਾ ਕਿ ਜੋ ਵੀ ਪਟਿਆਲਾ ਵਿੱਚ ਹੋਇਆ ਹੈ ਉਹ ਪੁਲਿਸ ਅਤੇ ਸੂਬਾ ਸਰਕਾਰ ਲਈ ਬਹੁਤ ਹੀ ਸ਼ਰਮਨਾਕ ਗੱਲ ਹੈ। ਉਹਨਾਂ ਕਿਹਾ ਕਿ ਗ੍ਰਹਿ ਵਿਭਾਗ ਮੁੱਖ ਮੰਤਰੀ ਕੋਲ ਹੈ। ਇਸ ਲਈ ਉਸ ਨੂੰ ਆਪਣਾ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ ਨਹੀਂ ਤਾਂ ਸਮਝਿਆ ਜਾਵੇਗਾ ਕਿ ਇਹ ਸਭ ਸੂਬਾ ਸਰਕਾਰ ਦੇ ਇਸ਼ਾਰੇ 'ਤੇ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਪੁਲਿਸ ਵਾਲਿਆਂ ਨੇ ਲਾਈਨਮੈਨਾਂ 'ਤੇ ਅੰਨ੍ਹੇਵਾਹ ਤਸ਼ੱਦਦ ਕੀਤਾ ਹੈ। ਉਹਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਕਿ ਅੱਗੇ ਤੋਂ ਪੁਲਿਸ ਵਾਲੇ ਕਾਨੂੰਨ ਦੀ ਹੱਦ ਤੋਂ ਬਾਹਰ ਨਾ ਜਾਣ। ਉਹਨਾਂ ਕਿਹਾ ਕਿ ਦੇਸ਼ ਵਿੱਚ ਬੇਰੁਜ਼ਗਾਰੀ ਵੱਡੇ ਪੱਧਰ 'ਤੇ ਫੈਲ ਗਈ ਹੈ। ਅੱਜ ਪੰਜਾਬ ਅਤੇ ਪੂਰਾ ਦੇਸ਼ ਬੇਰੁਜ਼ਗਾਰੀ, ਨਸ਼ਿਆਂ ਅਤੇ ਗੈਂਗਸਟਰਵਾਦ ਦਾ ਸ਼ਿਕਾਰ ਬਣਿਆ ਹੋਇਆ ਹੈ। ਇਸੇ ਕਰਕੇ ਨੌਜਵਾਨ ਵਿਦੇਸ਼ਾਂ ਨੂੰ ਜਾ ਰਹੇ ਹਨ। ਉਹਨਾਂ ਕਿਹਾ ਕਿ ਜੇਕਰ ਨੌਜਵਾਨਾਂ ਨੂੰ ਪੰਜਾਬ ਜਾਂ ਸਾਡੇ ਦੇਸ਼ ਵਿੱਚ ਹੀ ਚੰਗਾ ਰੁਜ਼ਗਾਰ ਮਿਲੇ ਤਾਂ ਉਹ ਬਾਹਰ ਕਿਉਂ ਜਾਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


# ਗੈਂਟ (ਬੈਲਜੀਅਮ) ਵਿਖੇ ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕਰਵਾਇਆ ਗਿਆ; ਦੋ ਇਤਿਹਾਸਕ ਪੁਸਤਕਾਂ ਰਿਲੀਜ਼-ਭਾਈ ਮਨਜੋਤ ਸਿੰਘ

**ਗੈਂਟ, ਬੈਲਜੀਅਮ, 7 ਜੂਨ 2026-(ਰਸ਼ਿਪੰਦਰ ਕੌਰ ਗਿੱਲ)**- ਗੁਰਦੁਆਰਾ ਮਾਤਾ ਸਾਹਿਬ ਕੌਰ ਗੈਂਟ (ਬੈਲਜੀਅਮ) ਵਿਖੇ ਸਿੱਖ ਜਥੇਬੰਦੀਆਂ ਅਤੇ ਸਮੂਹ ਸਾਧ ਸੰਗਤ ਵੱਲੋਂ 7 ਜੂਨ ਨੂੰ ਜੂਨ 1984 ਦੇ ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਮੌਕੇ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਕਵੀਸ਼ਰ ਭਾਈ ਤਰਸੇਮ ਸਿੰਘ ਜੋਸ਼ ਅਤੇ ਬਾਬਾ ਬਲਵਿੰਦਰ ਸਿੰਘ ਵੱਲੋਂ ਬੀਰ-ਰਸੀ ਕਵੀਸ਼ਰੀ ਵਾਰਾਂ ਰਾਹੀਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਸਮੂਹ ਸੰਗਤ ਨੇ ਸ਼ਹੀਦਾਂ ਦੇ ਚਰਨਾਂ ਵਿੱਚ ਸ਼ਰਧਾ ਦੇ ਫੁੱਲ ਅਰਪਿਤ ਕੀਤੇ।

ਸਮਾਗਮ ਦੌਰਾਨ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਭਾਈ ਮਨਜੋਤ ਸਿੰਘ ਭੂਰਾ ਨੇ ਕਿਹਾ ਕਿ ਸਮੂਹ ਸਾਧ ਸੰਗਤ ਨੂੰ ਸ਼ਹੀਦਾਂ ਦੀ ਯਾਦ ਵਿੱਚ ਇਕੱਠੇ ਹੋ ਕੇ ਹਰ ਸਾਲ 1 ਤੋਂ 10 ਜੂਨ ਤੱਕ ਸ਼ਹੀਦੀ ਸਮਾਗਮ ਕਰਵਾਉਣੇ ਚਾਹੀਦੇ ਹਨ। ਉਨ੍ਹਾਂ ਨੇ ਸਿੱਖ ਬੱਚਿਆਂ ਨੂੰ ਆਪਣੇ ਅਮੀਰ ਇਤਿਹਾਸ ਅਤੇ ਸਾਹਿਤ (ਲਿਟਰੇਚਰ) ਨਾਲ ਜੋੜਨ ਦੀ ਅਪੀਲ ਵੀ ਕੀਤੀ। ਭਾਈ ਭੂਰਾ ਨੇ ਅੱਗੇ ਕਿਹਾ ਕਿ ਭਾਰਤੀ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਧਾਮਾਂ 'ਤੇ ਫ਼ੌਜ ਚਾੜ੍ਹ ਕੇ ਜੋ ਅਤਿਆਚਾਰ ਕੀਤਾ ਗਿਆ ਸੀ, ਉਸ ਦੀ ਸੱਚੀ ਤੇ ਸੁੱਚੀ ਸ਼ਰਧਾਂਜਲੀ ਅਤੇ ਇਨਸਾਫ਼ ਸਿਰਫ਼ 'ਖਾਲਿਸਤਾਨ' ਦੀ ਪ੍ਰਾਪਤੀ ਨਾਲ ਹੀ ਸੰਭਵ ਹੈ, ਜੋ ਕਿ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਬਚਨ ਸਨ।

ਇਸ ਪ੍ਰੋਗਰਾਮ ਦੌਰਾਨ ਦੋ ਇਤਿਹਾਸਕ ਪੁਸਤਕਾਂ ਵੀ ਰਿਲੀਜ਼ ਕੀਤੀਆਂ ਗਈਆਂ। ਪਹਿਲੀ ਪੁਸਤਕ "ਸਿੱਦਕੀ ਤੇ ਸੰਘਰਸ਼ੀ" ਪੇਸ਼ ਕੀਤੀ ਗਈ, ਜਿਸ ਦੇ ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਸੰਪਾਦਕ ਬੀਬੀ ਰਸ਼ਿਪੰਦਰ ਕੌਰ ਗਿੱਲ ਹਨ। ਦੂਜੀ ਪੁਸਤਕ "ਤਵਾਰੀਖ ਬੱਬਰ ਖਾਲਸਾ" ਰਿਲੀਜ਼ ਕੀਤੀ ਗਈ, ਜਿਸ ਨੂੰ ਕਰਮਜੀਤ ਸਿੰਘ ਸਿੱਖਾਂਵਾਲਾ ਵੱਲੋਂ ਸੰਪਾਦਿਤ ਕੀਤਾ ਗਿਆ ਹੈ।

ਸਮਾਗਮ ਦੇ ਅਖੀਰ ਵਿੱਚ ਭਾਈ ਗੁਰਦਿਆਲ ਸਿੰਘ ਢਕਾਣਸੂ ਅਤੇ ਭਾਈ ਮਨਜੋਤ ਸਿੰਘ ਭੂਰਾ ਵੱਲੋਂ ਸਮੂਹ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ।




ਆਵਾਜ਼ਿ ਕੌਮ
AWAZE QAUM
International Newspaper & WEB TV

### ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਵੱਲੋਂ

# ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੰਗਤਾਂ ਅਤੇ ਮੀਡੀਆ ਦਾ ਤਹਿ-ਦਿਲੋਂ ਧੰਨਵਾਦ



ਲੰਡਨ, ਯੂ.ਕੇ, 7 ਜੂਨ (ਰਸ਼ਿਪੰਦਰ ਕੌਰ ਗਿੱਲ): ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ (FSO) ਯੂ.ਕੇ ਵੱਲੋਂ ਜੂਨ 1984 ਦੌਰਾਨ ਸਿੱਖ ਤਵਾਰੀਖ ਵਿੱਚ ਵਾਪਰੇ ਤੀਜੇ ਖ਼ੂਨੀ ਘੱਲੂਘਾਰੇ ਦੀ ਯਾਦ ਵਿੱਚ 7 ਜੂਨ (ਦਿਨ ਐਤਵਾਰ) ਨੂੰ ਲੰਡਨ ਵਿਖੇ ਕੀਤੇ ਗਏ ਭਾਰੀ ਰੋਸ ਮੁਜ਼ਾਹਰੇ ਨੂੰ ਸਫ਼ਲ ਬਣਾਉਣ ਲਈ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸਿੱਖ ਸੰਗਤਾਂ ਅਤੇ ਮੀਡੀਆ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ ਹੈ। ਜਥੇਬੰਦੀ ਨੇ ਕਿਹਾ ਕਿ ਯੂ.ਕੇ ਦੇ ਮੌਜੂਦਾ ਨਾਜ਼ੁਕ ਮਾਹੌਲ ਦੇ ਬਾਵਜੂਦ ਸਿੱਖ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਾਂਤਮਈ ਅਤੇ ਅਨੁਸ਼ਾਸਨ (ਜਾਬਤੇ) ਵਿੱਚ ਰਹਿ ਕੇ ਸ਼ਮੂਲੀਅਤ ਕੀਤੀ। ਇਸ ਨੇ ਸਾਬਤ ਕਰ ਦਿੱਤਾ ਹੈ ਕਿ ਸਿੱਖ ਕੌਮ ਇਸ ਤੀਜੇ ਘੱਲੂਘਾਰੇ ਦੇ ਦਰਦ ਨੂੰ ਕਦੇ ਵੀ ਨਹੀਂ ਭੁਲਾ ਸਕਦੀ। ਇਸ ਰੋਸ ਅਤੇ ਰੋਹ ਭਰਪੂਰ ਮੁਜ਼ਾਹਰੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਾਮਲ ਹੋਈਆਂ ਸੰਗਤਾਂ ਨੇ ਭਾਰਤ ਸਰਕਾਰ ਅਤੇ ਸਿੱਖ ਵਿਰੋਧੀ ਤਾਕਤਾਂ ਨੂੰ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਸਿੱਖ ਇਸ ਘੱਲੂਘਾਰੇ ਨੂੰ ਕਦੇ ਵੀ ਨਹੀਂ ਭੁੱਲਣਗੇ, ਬਲਕਿ ਖਾਲਿਸਤਾਨ ਬਣਨ ਤੋਂ ਬਾਅਦ ਵੀ ਦੇਸ਼-ਵਿਦੇਸ਼ਾਂ ਵਿੱਚ ਇਸ ਇਤਿਹਾਸਕ ਦਿਹਾੜੇ ਦੀ ਯਾਦ ਨਿਰੰਤਰ ਮਨਾਈ ਜਾਂਦੀ ਰਹੇਗੀ। ਮੁਜ਼ਾਹਰੇ ਦੌਰਾਨ ਸਿੱਖ ਸੰਗਤਾਂ ਵੱਲੋਂ ਭਾਰਤ ਸਰਕਾਰ ਖ਼ਿਲਾਫ਼ ਰੋਸ, ਰੋਹ ਅਤੇ ਵਿਦਰੋਹ ਦੀ ਪ੍ਰਚੰਡ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

> "ਹਰ ਸਿੱਖ ਨੂੰ ਕੌਮੀ ਨਿਸ਼ਾਨੇ ਖਾਲਿਸਤਾਨ ਲਈ ਕਾਰਜਸ਼ੀਲ ਕਾਫ਼ਲੇ ਦਾ ਸਾਥ ਦੇਣ ਦਾ ਸੱਦਾ"

ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ ਦੇ ਕੋਆਰਡੀਨੇਟਰਾਂ—ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਬੱਬਰ—ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ ਸਮੂਹ ਸੰਗਤ, ਗੁਰਦੁਆਰਾ ਕਮੇਟੀਆਂ ਅਤੇ ਕੌਮ-ਪ੍ਰਸਤ ਮੀਡੀਆ ਤੋਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਭਰਵੇਂ ਸਹਿਯੋਗ ਦੀ ਉਮੀਦ ਪ੍ਰਗਟਾਈ ਗਈ, ਕਿਉਂਕਿ ਇਹ ਰੋਸ ਮੁਜ਼ਾਹਰਾ ਯੂ.ਕੇ ਵਿੱਚ ਵਸਦੇ ਸਮੂਹ ਸਿੱਖਾਂ ਦਾ ਇੱਕ ਸਾਂਝਾ ਪ੍ਰੋਗਰਾਮ ਹੈ।

ਮੁਜ਼ਾਹਰੇ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ, ਉਨ੍ਹਾਂ ਦੀਆਂ ਅਦੁੱਤੀ ਸ਼ਹਾਦਤਾਂ ਸਦਕਾ ਨਿਰਧਾਰਿਤ ਕੀਤੇ ਗਏ ਕੌਮੀ ਨਿਸ਼ਾਨੇ 'ਖਾਲਿਸਤਾਨ' ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਭਾਰਤ ਸਰਕਾਰ ਅਤੇ ਉਸ ਦੇ ਇਸ਼ਾਰਿਆਂ 'ਤੇ ਕੰਮ ਕਰਨ ਵਾਲੇ ਅਨਸਰਾਂ (ਦੁੰਮਛੱਲਿਆਂ) ਵੱਲੋਂ ਸਿੱਖ ਸੰਗਤਾਂ ਨੂੰ ਕੌਮੀ ਨਿਸ਼ਾਨੇ ਤੋਂ ਭਟਕਾਉਣ, ਭਰਮਾਉਣ ਅਤੇ ਥਿੜਕਾਉਣ ਦੀ ਕੋਈ ਵੀ ਕੋਝੀ ਚਾਲ ਸਫ਼ਲ ਨਹੀਂ ਹੋਣ ਦਿੱਤੀ ਜਾਵੇਗੀ। ਸਿੱਖਾਂ ਦਾ ਕੌਮੀ ਨਿਸ਼ਾਨਾ ਕੇਵਲ ਅਤੇ ਕੇਵਲ ਖਾਲਿਸਤਾਨ ਹੈ। ਬਾਕੀ ਸਾਰੇ ਮੁੱਦੇ ਸਿੱਖ ਸੰਘਰਸ਼ ਦਾ ਅੰਗ ਜ਼ਰੂਰ ਹਨ, ਪਰ ਜੂਨ 1984 ਦਾ ਘੱਲੂਘਾਰਾ ਇੱਕ ਅਜਿਹਾ ਨਾ-ਭੁੱਲਣਯੋਗ ਜ਼ਖ਼ਮ ਹੈ, ਜਿਸ ਵਿੱਚੋਂ ਸਿੱਖ ਕੌਮ ਨੇ 'ਖਾਲਿਸਤਾਨ' ਰੂਪੀ ਰਾਹਤ ਪ੍ਰਾਪਤ ਕਰਨੀ ਹੈ।

### ਮਹਾਰਾਸ਼ਟਰ ਸਰਕਾਰ ਵੱਲੋਂ ਜੂਨ-84 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ

# ਸਿੱਖ ਭਾਵਨਾਵਾਂ ਪ੍ਰਤੀ ਸਤਿਕਾਰ ਦਾ ਪ੍ਰਗਟਾਵਾ : ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਚੌਂਕ ਮਹਿਤਾ ਵਿਖੇ ਗਿਰੀਸ਼ ਮਹਾਜਨ ਦੀ ਸ਼ਮੂਲੀਅਤ ਸਿੱਖ ਮਸਲਿਆਂ ਪ੍ਰਤੀ ਸੰਵੇਦਨਸ਼ੀਲਤਾ ਅਤੇ ਸੰਵਾਦ ਦਾ ਸਕਾਰਾਤਮਕ ਸੰਦੇਸ਼ : ਪ੍ਰੋ. ਖਿਆਲਾ। ☛ ਦਮਦਮੀ ਟਕਸਾਲ ਵਿੱਚ ਮਹਾਰਾਸ਼ਟਰ ਸਰਕਾਰ ਦੀ ਹਾਜ਼ਰੀ ਸਿੱਖ-ਹਿੰਦੂ ਸਬੰਧਾਂ ਨੂੰ ਮਜ਼ਬੂਤ ਕਰਨ ਵੱਲ ਅਹਿਮ ਕਦਮ : ਪ੍ਰੋ. ਸਰਚਾਂਦ ਸਿੰਘ ਖਿਆਲਾ**



**ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਮਹਾਰਾਸ਼ਟਰ ਦੀ ਭਾਜਪਾ ਸਰਕਾਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਵੱਲੋਂ ਜਲ ਸਰੋਤ ਮੰਤਰੀ ਸ੍ਰੀ ਗਿਰੀਸ਼ ਮਹਾਜਨ ਦੀ ਸਾਕਾ ਨੀਲਾ ਤਾਰਾ (ਓਪਰੇਸ਼ਨ ਬਲੂ ਸਟਾਰ) ਦੀ 42ਵੀਂ ਵਰ੍ਹੇਗੰਢ ਮੌਕੇ ਦਮਦਮੀ ਟਕਸਾਲ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਹੋਏ ਸ਼ਹੀਦੀ ਸਮਾਗਮ ਵਿੱਚ ਸ਼ਮੂਲੀਅਤ ਕੇਵਲ ਇੱਕ ਰਸਮੀ ਸਰਕਾਰੀ ਅਤੇ ਭਾਜਪਾ ਦੀ ਹਾਜ਼ਰੀ ਨਹੀਂ, ਸਗੋਂ ਸਿੱਖ ਭਾਵਨਾਵਾਂ ਅਤੇ 1984 ਨਾਲ ਜੁੜੇ ਇਤਿਹਾਸਕ ਦਰਦ ਪ੍ਰਤੀ ਸੰਵੇਦਨਸ਼ੀਲਤਾ ਦਾ ਪ੍ਰਗਟਾਵਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਪਹਿਲਾਂ ਹੀ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਨੂੰ 'ਹਮਲਾ' ਕਰਾਰ ਦਿੰਦਿਆਂ ਇੰਦਰਾ ਗਾਂਧੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਦੀ ਨਿਖੇਧੀ ਕਰ ਚੁੱਕੇ ਹਨ ਅਤੇ ਸਿੱਖ ਮਾਨਸਿਕਤਾ ਦੀ ਤਰਜਮਾਨੀ ਕਰਦੇ ਰਹੇ ਹਨ। ਇਸ ਪ੍ਰਸੰਗ ਵਿੱਚ ਮਹਾਰਾਸ਼ਟਰ ਸਰਕਾਰ ਦੇ ਇੱਕ ਪ੍ਰਭਾਵਸ਼ਾਲੀ ਮੰਤਰੀ ਦੀ ਸ਼ਹੀਦੀ ਸਮਾਗਮ ਵਿੱਚ ਹਾਜ਼ਰੀ ਸਿੱਖ ਸਮਾਜ ਨਾਲ ਭਰੋਸੇ ਅਤੇ ਸੰਵਾਦ ਦੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਵਾਲਾ ਕਦਮ ਹੈ।

ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਸਰਕਾਰ ਵੱਲੋਂ ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਅਤੇ ਦਮਦਮੀ ਟਕਸਾਲ ਦੇ ਸਮਾਗਮ ਵਿੱਚ ਸ਼ਮੂਲੀਅਤ ਕਰਨਾ ਸਿੱਖ ਭਾਵਨਾਵਾਂ ਪ੍ਰਤੀ ਸਤਿਕਾਰ ਦਾ ਪ੍ਰਤੀਕ ਹੈ। ਇਹ ਘਟਨਾ ਦਮਦਮੀ ਟਕਸਾਲ, ਮਹਾਰਾਸ਼ਟਰ ਸਰਕਾਰ ਅਤੇ ਭਾਜਪਾ ਦਰਮਿਆਨ ਬਣੇ ਸੰਵਾਦਮਈ ਅਤੇ ਸਕਾਰਾਤਮਕ ਸਬੰਧਾਂ ਨੂੰ ਵੀ ਦਰਸਾਉਂਦੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਗਿਰੀਸ਼ ਮਹਾਜਨ ਵੱਲੋਂ 6 ਜੂਨ ਨੂੰ 'ਕਾਲਾ ਦਿਵਸ' ਕਰਾਰ ਦੇਣਾ ਅਤੇ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਦੀ ਤੁਲਨਾ ਅਹਿਮਦ ਸ਼ਾਹ ਅਬਦਾਲੀ ਦੇ ਹਮਲਿਆਂ ਨਾਲ ਕਰਨਾ ਭਾਜਪਾ ਦੀ ਸਿੱਖ ਮਸਲਿਆਂ ਪ੍ਰਤੀ ਵਧਦੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਵੱਲੋਂ ਨਵੰਬਰ 1984 ਦੇ ਸਿੱਖ ਕਤਲੇਆਮ, ਦੋਸ਼ੀਆਂ ਨੂੰ ਸਮੇਂ ਸਿਰ ਸਜ਼ਾਵਾਂ ਨਾ ਮਿਲਣ ਲਈ ਕਾਂਗਰਸ ਸਰਕਾਰ ਦੀ ਭੂਮਿਕਾ ਦਾ ਜ਼ਿਕਰ ਕਰਕੇ ਉਸ ਸਮੇਂ ਦੇ ਜ਼ੁਲਮਾਂ ਨੂੰ ਰਾਸ਼ਟਰੀ ਪੱਧਰ 'ਤੇ ਉਜਾਗਰ ਕੀਤਾ ਗਿਆ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹੋਰ ਸੀਨੀਅਰ ਆਗੂ ਅਕਸਰ ਆਪਣੀ ਰਾਜਨੀਤਿਕ ਬਿਆਨਬਾਜ਼ੀ ਵਿੱਚ 1984 ਦੀਆਂ ਘਟਨਾਵਾਂ ਦਾ ਜ਼ਿਕਰ ਕਰਦੇ ਹਨ ਅਤੇ ਇਸ ਨੂੰ ਸਿਆਸੀ ਲਾਭ ਪ੍ਰਾਪਤ ਕਰਨ ਦਾ ਜ਼ਰੀਆ ਬਣਾਉਂਦੇ ਹਨ, ਪਰ ਸਾਕਾ ਨੀਲਾ ਤਾਰਾ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਦਮਦਮੀ ਟਕਸਾਲ, ਚੌਂਕ ਮਹਿਤਾ ਵਿਖੇ ਹੋਣ ਵਾਲੇ ਸ਼ਹੀਦੀ ਸਮਾਗਮਾਂ ਵਿੱਚ ਉਨ੍ਹਾਂ ਨੇ ਕਦੇ ਵੀ ਸ਼ਮੂਲੀਅਤ ਨਹੀਂ ਕੀਤੀ। ਇਸ ਦੇ ਉਲਟ ਮਹਾਰਾਸ਼ਟਰ ਸਰਕਾਰ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਇੱਕ ਸਕਾਰਾਤਮਕ ਸੰਦੇਸ਼ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮ ਵਿਸ਼ਾਲ ਪੱਧਰ 'ਤੇ ਮਨਾਏ। ਇਸ ਦੇ ਨਾਲ ਹੀ ਮਹਾਰਾਸ਼ਟਰ ਦੇ ਸਕੂਲੀ ਪਾਠਕ੍ਰਮ ਵਿੱਚ ਗੁਰੂ ਸਾਹਿਬਾਨ ਅਤੇ ਸਿੱਖ ਸ਼ਹੀਦਾਂ ਦੇ ਜੀਵਨ ਅਤੇ ਸ਼ਹਾਦਤ ਨਾਲ ਸੰਬੰਧਤ ਅਧਿਆਇ ਸ਼ਾਮਲ ਕੀਤੇ ਗਏ ਹਨ। ਇਸ ਤੋਂ ਇਲਾਵਾ ਨਵੀਂ ਮੁੰਬਈ ਵਿਖੇ ਇੱਕ ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲਾ ਕਾਲਜ ਅਤੇ 1400 ਬਿਸਤਰਿਆਂ ਵਾਲਾ ਹਸਪਤਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ ਸਮਰਪਿਤ ਕੀਤੇ ਜਾ ਚੁੱਕੇ ਹਨ। ਇਹ ਵਿਕਾਸ ਯੋਜਨਾਵਾਂ ਵੀ ਸਿੱਖ ਇਤਿਹਾਸ ਪ੍ਰਤੀ ਸਤਿਕਾਰ ਨੂੰ ਦਰਸਾਉਂਦੀਆਂ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਭਾਵੇਂ ਮੰਤਰੀ ਗਿਰੀਸ਼ ਮਹਾਜਨ ਦਾ ਪਿਛੋਕੜ ਰਾਸ਼ਟਰੀ ਸਵੈਸੇਵਕ ਸੰਘ (ਆਰਐੱਸਐੱਸ) ਨਾਲ ਜੁੜਿਆ ਰਿਹਾ ਹੈ, ਪਰ ਆਰਐੱਸਐੱਸ ਦੇ ਆਗੂਆਂ ਦਾ ਦਮਦਮੀ ਟਕਸਾਲ ਦੇ ਮੁੱਖ ਅਸਥਾਨ ਨਾਲ ਸੰਵਾਦ ਕੋਈ ਨਵੀਂ ਗੱਲ ਨਹੀਂ ਹੈ। ਪੰਜਾਬ ਵਿੱਚ ਅਕਾਲੀ-ਭਾਜਪਾ ਗੱਠਜੋੜ ਦੀ ਸਰਕਾਰ ਬਣਨ ਤੋਂ ਪਹਿਲਾਂ ਹੀ ਇਹ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਸਿੱਖ ਮਸਲਿਆਂ ਅਤੇ ਪੰਜਾਬ ਦੀ ਸਥਿਤੀ ਨੂੰ ਸਮਝਣ ਲਈ 1990 ਦੇ ਦਹਾਕੇ ਦੇ ਅੰਤ ਵਿੱਚ ਆਰਐੱਸਐੱਸ ਅਤੇ ਪੰਥਕ ਆਗੂਆਂ ਵਿਚਾਲੇ ਸੰਵਾਦ ਦਾ ਸਿਲਸਿਲਾ ਸ਼ੁਰੂ ਹੋਇਆ ਸੀ। ਇਸ ਕੜੀ ਤਹਿਤ 26 ਦਸੰਬਰ 1999 ਨੂੰ ਚੌਂਕ ਮਹਿਤਾ ਵਿਖੇ ਆਰਐੱਸਐੱਸ ਦੇ ਤਤਕਾਲੀ ਮੁਖੀ ਕੇ. ਐੱਸ. ਸੁਦਰਸ਼ਨ ਦੀ ਸ਼ਮੂਲੀਅਤ ਵਾਲੀ ਇੱਕ ਮਹੱਤਵਪੂਰਨ ਮੀਟਿੰਗ ਹੋਈ ਸੀ। ਇਸ ਮੀਟਿੰਗ ਵਿੱਚ ਸੰਤ ਸਮਾਜ ਦੇ ਪ੍ਰਧਾਨ ਬਾਬਾ ਸਤਜੋਤ ਸਿੰਘ ਬੇਦੀ, ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਠਾਕੁਰ ਸਿੰਘ ਜੀ ਅਤੇ ਹੋਰ ਪ੍ਰਮੁੱਖ ਸਿੱਖ ਆਗੂ ਹਾਜ਼ਰ ਸਨ। ਮੀਟਿੰਗ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਸਿੱਖ ਪੰਥ ਨਾਲ ਸੰਬੰਧਤ ਕਈ ਮਸਲਿਆਂ 'ਤੇ ਵਿਚਾਰ ਹੋਇਆ ਸੀ ਅਤੇ 14 ਨੁਕਾਤੀ ਏਜੰਡੇ ਨੂੰ ਰੂਪਰੇਖਾ ਦਿੱਤੀ ਗਈ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਪੰਥ ਦੇ ਮਸਲਿਆਂ ਦੇ ਹੱਲ ਲਈ ਸੰਵਾਦ, ਆਪਸੀ ਸਤਿਕਾਰ ਅਤੇ ਸੰਵੇਦਨਸ਼ੀਲਤਾ ਹੀ ਅੱਗੇ ਵਧਣ ਦਾ ਰਾਹ ਹੈ। ਮਹਾਰਾਸ਼ਟਰ ਸਰਕਾਰ ਅਤੇ ਭਾਜਪਾ ਦੀ ਇਹ ਪਹਿਲ ਉਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਵਜੋਂ ਦੇਖੀ ਜਾਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹੈਨਰੀ ਨੋਵਾਕ ਦੀ ਯਾਦ ਵਿੱਚ ਅਰਦਾਸ ਸਮਾਗਮ 10 ਜੂਨ ਨੂੰ ਗੁਰਦੁਆਰਾ ਕਲਗੀਧਰ, ਸੁਭਾਸ਼ ਨਗਰ ਦਿੱਲੀ ਵਿਖੇ ਹੋਵੇਗਾ: ਸਰਨਾ



**ਨਵੀਂ ਦਿੱਲੀ, 8 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਬ੍ਰਿਟੇਨ ਵਿੱਚ ਮਾਰੇ ਗਏ 18 ਸਾਲਾ ਹੈਨਰੀ ਨੋਵਾਕ ਦੀ ਯਾਦ ਵਿੱਚ 10 ਜੂਨ ਨੂੰ ਪੱਛਮੀ ਦਿੱਲੀ ਦੇ ਗੁਰਦੁਆਰਾ ਕਲਗੀਧਰ ਖਾਲਸਾ ਸੇਵਕ ਸਭਾ, ਸੁਭਾਸ਼ ਨਗਰ ਵਿਖੇ ਗੁਰੂ ਕਾ ਕੀਰਤਨ ਅਤੇ ਅਰਦਾਸ ਸਮਾਗਮ ਕਰਵਾਇਆ ਜਾਵੇਗਾ। ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਵੱਲੋਂ ਕਰਵਾਏ ਜਾ ਰਹੇ ਇਸ ਸਮਾਗਮ ਦਾ ਮਕਸਦ ਹੈਨਰੀ ਨੋਵਾਕ ਨੂੰ ਸ਼ਰਧਾਂਜਲੀ ਭੇਟ ਕਰਨਾ ਅਤੇ ਉਸਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨਾ ਹੈ। ਸਰਨਾ ਨੇ ਕਿਹਾ ਕਿ ਸਿੱਖ ਧਰਮ ਦਾ ਸਿਧਾਂਤ "ਸਰਬੱਤ ਦਾ ਭਲਾ" ਮਨੁੱਖਤਾ ਦੀ ਭਲਾਈ ਲਈ ਹੈ ਅਤੇ ਦੁੱਖ-ਦਰਦ ਦੀ ਕੋਈ ਜਾਤ, ਧਰਮ ਜਾਂ ਦੇਸ਼ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਹਰ ਪੀੜਤ ਦੇ ਨਾਲ ਖੜ੍ਹਨ ਦੀ ਪਰੰਪਰਾ ਰੱਖਦੀ ਹੈ ਅਤੇ ਇਸੇ ਭਾਵਨਾ ਤਹਿਤ ਇਹ ਅਰਦਾਸ ਸਮਾਗਮ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬ੍ਰਿਟੇਨ ਵਿੱਚ ਵੀ ਸਿੱਖ ਭਾਈਚਾਰੇ ਵੱਲੋਂ ਹੈਨਰੀ ਦੀ ਯਾਦ ਵਿੱਚ ਅਰਦਾਸਾਂ ਕੀਤੀਆਂ ਜਾ ਰਹੀਆਂ ਹਨ ਅਤੇ ਦਿੱਲੀ ਦਾ ਇਹ ਸਮਾਗਮ ਉਸੇ ਭਾਵਨਾ ਦਾ ਵਿਸਥਾਰ ਹੈ। ਓਨ੍ਹਾ ਕਿਹਾ ਸਮਾਗਮ ਲਈ ਭਾਰਤ ਵਿੱਚ ਬ੍ਰਿਟੇਨ ਦੀ ਹਾਈ ਕਮਿਸ਼ਨਰ ਲਿੰਡੀ ਕੈਮਰਨ ਸਮੇਤ ਅਮਰੀਕਾ, ਕੈਨੇਡਾ ਅਤੇ ਆਸਟ੍ਰੇਲੀਆ ਦੇ ਰਾਜਦੂਤਾਂ ਅਤੇ ਹਾਈ ਕਮਿਸ਼ਨਰਾਂ ਨੂੰ ਵੀ ਸੱਦੇ ਭੇਜੇ ਗਏ ਹਨ। ਸਰਨਾ ਨੇ ਦਸਿਆ ਕਿ ਅਰਦਾਸ ਸਮਾਗਮ 10 ਜੂਨ ਨੂੰ ਦੁਪਹਿਰ 3 ਵਜੇ ਤੋਂ 4 ਵਜੇ ਤੱਕ ਗੁਰਦੁਆਰਾ ਕਲਗੀਧਰ ਖਾਲਸਾ ਸੇਵਕ ਸਭਾ, ਬੇਰੀ ਵਾਲਾ ਬਾਗ, ਸੁਭਾਸ਼ ਨਗਰ, ਨਵੀਂ ਦਿੱਲੀ ਵਿਖੇ ਹੋਵੇਗਾ ਤੇ ਇਸ ਮੌਕੇ ਵਡੀ ਗਿਣਤੀ ਵਿਚ ਸੰਗਤਾਂ ਨੂੰ ਹਾਜ਼ਿਰੀ ਭਰਣ ਦੀ ਅਪੀਲ ਕੀਤੀ ਗਈ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਤਰੁਣ ਚੁੱਘ ਨੂੰ ਰਾਜ ਸਭਾ ਉਮੀਦਵਾਰ ਐਲਾਨਣਾ ਪੰਜਾਬ ਲਈ ਮਾਣ ਵਾਲੀ ਗੱਲ : ਓਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**--ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੂੰ ਰਾਜ ਸਭਾ ਉਮੀਦਵਾਰ ਐਲਾਨਣ ਤੇ ਭਾਜਪਾ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਤਰੁਣ ਚੁੱਘ ਨੇ ਦੁਨੀਆ ਭਰ ਵਿੱਚ ਪੰਜਾਬ ਦਾ ਨਾਮ ਰੋਸ਼ਨ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਚੁੱਘ ਇੱਕ ਤਜਰਬੇਕਾਰ ਅਤੇ ਸਮਰਪਿਤ ਪਾਰਟੀ ਵਰਕਰ ਹਨ ਜਿਨ੍ਹਾਂ ਨੇ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਜਨਤਾ ਤੱਕ ਰਾਸ਼ਟਰਵਾਦੀ ਵਿਚਾਰਧਾਰਾ ਫੈਲਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਰਾਜ ਸਭਾ ਲਈ ਉਨ੍ਹਾਂ ਦੀ ਨਾਮਜ਼ਦਗੀ ਉਨ੍ਹਾਂ ਦੀ ਵਫ਼ਾਦਾਰੀ, ਕੁਸ਼ਲਤਾ ਅਤੇ ਸੰਗਠਨ ਪ੍ਰਤੀ ਸਮਰਪਣ ਦੀ ਮਾਨਤਾ ਹੈ। ਉਨ੍ਹਾਂ ਕਿਹਾ ਕਿ ਤਰੁਣ ਚੁੱਘ ਦੇ ਤਜਰਬੇ ਅਤੇ ਲੀਡਰਸ਼ਿਪ ਨੂੰ ਹੁਣ ਸੰਸਦ ਵਿੱਚ ਰਾਸ਼ਟਰੀ, ਸਮਾਜਿਕ ਅਤੇ ਰਾਸ਼ਟਰੀ ਹਿੱਤਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਵਰਤਿਆ ਜਾਵੇਗਾ। ਉਨ੍ਹਾਂ ਕਿਹਾ ਕਿ ਤਰੁਣ ਚੁੱਘ ਨੇ ਆਪਣਾ ਰਾਜਨੀਤਿਕ ਕਰੀਅਰ ਇੱਕ ਸਧਾਰਨ ਵਰਕਰ ਵਜੋਂ ਸ਼ੁਰੂ ਕੀਤਾ ਸੀ ਅਤੇ ਆਪਣੀ ਮਿਹਨਤ, ਸਮਰਪਣ ਅਤੇ ਸੰਗਠਨ ਪ੍ਰਤੀ ਵਫ਼ਾਦਾਰੀ ਰਾਹੀਂ ਰਾਜ ਸਭਾ ਤੱਕ ਪਹੁੰਚੇ ਹਨ ਉਨ੍ਹਾਂ ਕਿਹਾ ਕਿ ਚੁੱਘ ਹਮੇਸ਼ਾ ਜ਼ਮੀਨੀ ਪੱਧਰ ਨਾਲ ਜੁੜੇ ਰਹੇ ਹਨ ਅਤੇ ਪਾਰਟੀ ਵਰਕਰਾਂ ਵਿੱਚ ਉਨ੍ਹਾਂ ਦੀ ਇੱਕ ਵਿਸ਼ੇਸ਼ ਪਛਾਣ ਹੈ, ਰਾਜ ਸਭਾ ਮੈਂਬਰ ਬਣਨ ਤੋਂ ਬਾਅਦ ਵੀ ਤਰੁਣ ਚੁੱਘ ਦੇਸ਼ ਅਤੇ ਪੰਜਾਬ ਦੇ ਹਿੱਤਾਂ ਦੀ ਜ਼ੋਰਦਾਰ ਵਕਾਲਤ ਕਰਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਮੰਗੀ ਜਾਣਕਾਰੀ ਨਾ ਦੇਣ ਤੇ ਸੂਚਨਾ ਕਮਿਸ਼ਨਰ ਪੰਜਾਬ ਵੱਲੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦਾ ਰਸਿਟਰਾਰ ਅਤੇ ਵਾਇਸ ਚਾਸਲਰ 9 ਜੂਨ ਨੂੰ ਚੰਡੀਗੜ੍ਹ ਤਲਬ



ਚੌਕ ਮਹਿਤਾ 8 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਮੰਗੀ ਹੋਈ ਸੂਚਨਾ ਦਾ ਰਿਕਾਰਡ ਨਾ ਦੇਣ ਤੇ ਸੂਚਨਾ ਕਮਿਸ਼ਨਰ ਪੰਜਾਬ ਵੱਲੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਰਜਿਸਟਰਾਰ ਕਮ ਸੂਚਨਾ ਅਧਿਕਾਰੀ ਅਤੇ ਵਾਇਸ ਚਾਂਸਲਰ ਕਮ ਅਪੀਲ ਅਧਿਕਾਰੀ ਨੂੰ 9 ਜੂਨ ਨੂੰ ਚੰਡੀਗੜ੍ਹ ਵਿਖੇ ਤਲਬ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ । ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਲਾਅ ਵਿਭਾਗ ਵਿੱਚ ਪੜਦੇ ਇੱਕ ਵਿਦਿਆਰਥੀ ਅਮਰਵੀਰ ਸਿੰਘ ਨੂੰ ਲਾਅ ਵਿਭਾਗ ਦੇ ਕੁਝ ਪ੍ਰੋਫੈਸਰਾ ਪ੍ਰੋਫੈਸਰ ਮੀਨੂੰ ਵਰਮਾ , ਪ੍ਰੋਫੈਸਰ ਅਰਵਿੰਦਕਾ ਚੋਧਰੀ ,ਪ੍ਰੋਫੈਸਰ ਪੁਸ਼ਪਾ ਦੇਵੀ ,ਕਲਰਕ ਰਜਿੰਦਰ ਸਿੰਘ ਵਗੈਰਾ ਵੱਲੋ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ ਅਤੇ ਉਸ ਨੂੰ ਜਾਣਬੁੱਝ ਕੇ ਪੇਪਰਾ ਵਿੱਚ ਪੂਰੇ ਨੰਬਰ ਨਹੀ ਦਿੱਤੇ ਜਾ ਰਹੇ ਸਨ ।ਜਦ ਉਸ ਨੇ ਪੇਪਰਾ ਦੀ ਦੁਬਾਰਾ ਰੀਵੈਲੂਏਸ਼ਨ ਪਾਈ ਤਾ ਉਸ ਦੇ ਕਈ ਪੇਪਰਾ ਵਿੱਚ 19 ਤੋ ਲੈ ਕੇ 34 ਨੰਬਰਾ ਤੱਕ ਵੱਧ ਜਾਦੇ ਰਹੇ । ਜਿਸ ਕਾਰਨ ਵਿਦਿਆਰਥੀ ਨੂੰ ਬਹੁਤ ਹੀ ਮਾਨਸਿਕ ਪ੍ਰੇਸ਼ਾਨੀ ਹੋਈ । ਇਹ ਮਾਮਲਾ ਕਈ ਵਾਰ ਯੂਨੀਵਰਸਿਟੀ ਦੇ ਵਾਇਸ ਚਾਸ਼ਲਰ ਅਤੇ ਹੋਰ ਅਧਿਕਾਰੀਆ ਦੇ ਧਿਆਨ ਵਿੱਚ ਲਿਆਦਾ ਗਿਆ ।ਇਸੇ ਰੰਜਸਬਾਜੀ ਕਾਰਨ ਪ੍ਰੋਫੈਸਰ ਉਸ ਨੂੰ ਹੋਰ ਨਜਾਇਜ ਤੰਗ ਪ੍ਰੇਸ਼ਾਨ ਕਰਨ ਲੱਗ ਪਏ ਅਤੇ ਜਾਣਬੁੱਝ ਕੇ ਉਸ ਦਾ ਨਤੀਜਾ ਯੂਨੀਵਰਸਿਟੀ ਦੇ ਵੈਬਸਾਈਡ ਤੇ ਅੱਪਲੋਡ ਨਹੀ ਕੀਤਾ ਜਾਦਾ ਸੀ । ਜਿਸ ਕਾਰਨ ਵਿਦਿਆਰਥੀ ਅਮਰਵੀਰ ਸਿੰਘ ਨੇ ਆਪਣੀਆ ਉਤਰ ਪਰਚੀਆ ਅਤੇ ਹੋਰ ਵੇਰਵਿਆ ਦਾ ਰਿਕਾਰਡ ਲੈਣ ਲਈ ਸੂਚਨਾ ਅਧਿਕਾਰੀ ਕਮ ਰਜਿਸਟਰਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਮਿਤੀ 11-8-2025 ਨੂੰ ਅਰਜੀ ਭੇਜੀ ।ਪਰ ਸੂਚਨਾ ਅਧਿਕਾਰੀ ਕਮ ਰਜਿਸਟਰਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇੱਕ ਮਹੀਨਾ ਬੀਤ ਜਾਣ ਤੇ ਵੀ ਮੰਗਿਆ ਹੋਇਆ ਕੋਈ ਵੀ ਰਿਕਾਰਡ ਜਾਣਬੁੱਝ ਕੇ ਨਹੀ ਦਿੱਤਾ ।ਜਿਸ ਤੇ ਅਮਰਵੀਰ ਸਿੰਘ ਨੇ ਇਸ ਸਬੰਧੀ ਅਪੀਲ ਅਧਿਕਾਰੀ ਕਮ ਡੀਮ ਅਕੈਡਮਿਕ ਅਫੈਅਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਮਿਤੀ 26-9-2025 ਨੂੰ ਅਪੀਲ ਭੇਜੀ । ਜਿਸ ਤੇ ਅਪੀਲ ਅਧਿਕਾਰੀ ਨੇ ਅਮਰਵੀਰ ਸਿੰਘ ਨੂੰ ਮਿਤੀ 20-11-2025 ਨੂੰ ਆਪਣੇ ਦਫਤਰ ਬੁਲਾਇਆ ।ਪੀੜਤ ਵਿਦਿਆਰਥੀ ਅਪੀਲ ਅਧਿਕਾਰੀ ਕਮ ਡੀਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੇਸ਼ ਹੋਇਆ ਅਤੇ ਉਸ ਨੇ ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਮੰਗਿਆ ਹੋਇਆ ਰਿਕਾਰਡ ਦਿਵਾਉਣ ਦੀ ਮੰਗ ਕੀਤੀ ਪਰ ਅਪੀਲ ਅਧਿਕਾਰੀ ਨੇ ਵੀ ਉਸ ਨੂੰ ਮੰਗਿਆ ਹੋਇਆ ਰਿਕਾਰਡ ਦਿਵਾਉਣ ਲਈ ਕੋਈ ਠੋਸ ਕਾਰਵਾਈ ਨਹੀ ਕੀਤੀ ।ਇਸ ਤੋ ਬਾਅਦ ਵੀ ਪੀੜਤ ਵਿਦਿਆਰਥੀ ਕਈ ਵਾਰ ਅਪੀਲ ਅਧਿਕਾਰੀ ਦੇ ਦਫਤਰ ਮੰਗੀ ਹੋਈ ਸੂਚਨਾ ਲੈਣ ਲਈ ਗਿਆ । ਪਰ ਅਪੀਲ ਅਧਿਕਾਰੀ ਨੇ ਜਾਣਬੁੱਝ ਕੇ ਆਪਣੇ ਅਧਿਕਾਰਾ ਦੀ ਦੁਰਵਰਤੋ ਕਰਦਿਆ ਹੋਇਆ ਪੀੜਤ ਵਿਦਿਆਰਥੀ ਨੂੰ ਮਿਤੀ 12-12-2025 ਨੂੰ ਜਾਰੀ ਇੱਕ ਪੱਤਰ ਰਾਹੀ ਮੰਗਿਆ ਹੋਇਆ ਰਿਕਾਰਡ ਦੇਣ ਤੋ ਇੰਨਕਾਰ ਕਰ ਦਿੱਤਾ । ਜਿਸ ਤੇ ਪੀੜਤ ਵਿਦਿਆਰਥੀ ਨੇ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਨੂੰ ਅਪੀਲ ਭੇਜੀ ਜਿਸ ਤੇ ਗੌਰ ਕਰਦਿਆ ਸ੍ਰੀ ਵੀਰਿੰਦਰਜੀਤ ਸਿੰਘ ਸੂਚਨਾ ਕਮਿਸ਼ਨਰ ਪੰਜਾਬ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸੂਚਨਾ ਅਧਿਕਾਰੀ ਕਮ ਰਜਿਸਟਰਾਰ ਅਤੇ ਅਪੀਲ ਅਧਿਕਾਰੀ ਕਮ ਵਾਇਸ ਚਾਸਲਰ ਨੂੰ ਮਿਤੀ 9 ਜੂਨ 2026 ਨੂੰ ਚੰਡੀਗੜ੍ਹ ਆਪਣੇ ਦਫਤਰ ਤਲਬ ਕਰ ਲਿਆ।

# 42ਵੇਂ ਸ਼ਹੀਦੀ ਸਮਾਗਮ ਮੌਕੇ ਖਾਲਸਾ ਹਸਪਤਾਲ ਮਹਿਤਾ ਨੇ ਲਗਾਇਆ ਮੁਫ਼ਤ ਮੈਡੀਕਲ ਕੈਂਪ

ਚੌਂਕ ਮਹਿਤਾ, 8 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)– ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਜਥਾ ਭਿੰਡਰਾ ਮਹਿਤਾ) ਵਿਖੇ ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ ਮਨਾਏ ਗਏ 42ਵੇਂ ਸ਼ਹੀਦੀ ਸਮਾਗਮ ਮੌਕੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਮੈਮੋਰੀਅਲ ਹਸਪਤਾਲ ਮਹਿਤਾ ਦੇ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ

ਆਵਾਜ਼ਿ ਕੌਮ AWAZE QAUM International Newspaper & WEB TV

ਗਿਆ। ਸ਼ਹੀਦੀ ਹਫਤੇ ਦੌਰਾਨ 1 ਤੋਂ 6 ਜੂਨ ਤਕ ਰੋਜਾਨਾ ਸਮਾਗਮਾਂ ਵਿੱਚ ਪਹੁੰਚਣ ਵਾਲੀਆਂ ਸੰਗਤਾਂ ਨੇ ਇਸ ਮੈਡੀਕਲ ਕੈਂਪ ਦਾ ਵੱਡਾ ਲਾਭ ਪ੍ਰਾਪਤ ਕੀਤਾ। ਇਸ ਦੌਰਾਨ ਖਾਲਸਾ ਹਸਪਤਾਲ ਦੇ ਇੰਚਾਰਜ ਮੈਡਮ ਪ੍ਰਵੀਨ ਕੌਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਇਹ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ ਹੈ। ਜਿਸ ਵਿਚ ਵੱਖ ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੇ ਵੱਲੋਂ ਲੋੜਵੰਦ ਮਰੀਜਾਂ ਦੀ ਸਿਹਤ ਦਾ ਚੈੱਕਅਪ ਕੀਤਾ ਗਿਆ। ਇਸ ਸਮੇਂ ਜ਼ਰੂਰਤਮੰਦ ਮਰੀਜਾਂ ਦੇ ਮੁਫ਼ਤ ਟੈਸਟ




ਅਤੇ ਦਵਾਈਆਂ ਵੀ ਹਸਪਤਾਲ ਦੇ ਵੱਲੋਂ ਬਿਲਕੁਲ ਮੁਫ਼ਤ ਦਿੱਤੀਆਂ ਗਈਆਂ। ਮੈਡਮ ਪ੍ਰਵੀਨ ਕੌਰ ਨੇ ਆਖਿਆ ਕਿ ਇਸ ਮੈਡੀਕਲ ਕੈਂਪ ਦਾ ਮੁੱਖ ਉਦੇਸ਼ ਸ਼ਹੀਦੀ ਸਮਾਗਮਾਂ ਵਿਚ ਆਉਣ ਵਾਲੀਆਂ ਸੰਗਤਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਮੁਹਈਆ ਕਰਵਾਉਣਾ ਸੀ। ਕਿਉਂਕਿ ਇਸ 42ਵੇਂ ਸ਼ਹੀਦੀ ਸਮਾਗਮ ਵਿੱਚ ਨਤਮਸਤਕ ਹੋਣ ਲਈ ਲੱਖਾਂ ਦੀ ਗਿਣਤੀ ’ਚ ਸੰਗਤਾਂ ਪਹੁੰਚੀਆਂ ਹੋਈਆਂ ਸਨ ਅਤੇ ਇਨ੍ਹਾਂ ਸੰਗਤਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਦਮਦਮੀ ਟਕਸਾਲ ਨੇ ਪੁਖਤਾ ਪ੍ਰਬੰਧ ਕੀਤੇ ਹੋਏ ਸਨ। ਇਸ ਮੌਕੇ ਹਸਪਤਾਲ ਦੇ ਇੰਚਾਰਜ ਮੈਡਮ ਪ੍ਰਵੀਨ ਕੌਰ ਤੋਂ ਇਲਾਵਾ ਪ੍ਰਿੰਸੀਪਲ ਮੈਡਮ ਹਰਜੀਤ ਕੌਰ, ਗੁਰਮੁੱਖ ਸਿੰਘ, ਡਾ.ਅਰਪਿੰਦਰਜੀਤ ਸਿੰਘ, ਡਾ.ਸਿਮਰਨਪ੍ਰੀਤ ਕੌਰ, ਡਾ.ਦਿਲਬਾਗ ਸਿੰਘ, ਹਜ਼ੂਰ ਸਿੰਘ, ਡਾ.ਸੁਮਨਦੀਪ ਕੌਰ, ਸੁਖਵਿੰਦਰ ਕੌਰ, ਮਨਜੀਤ ਕੌਰ, ਬਲਜੀਤ ਕੌਰ, ਅਨਮੋਲਪ੍ਰੀਤ ਕੌਰ, ਸਿਮਰਨਪ੍ਰੀਤ ਕੌਰ, ਮੈਡਮ ਪ੍ਰਭਜੋਤ ਕੌਰ ਅਤੇ ਕੁਲਵਿੰਦਰ ਕੌਰ ਮੌਜੂਦ ਸਨ। ••

## ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਵੱਲੋਂ

# ਦਮਦਮੀ ਟਕਸਾਲ ਦੇ ਹੈਡਕੁਆਟਰ ਵਿਖੇ ਸ਼ਹੀਦੀ ਸਮਾਗਮਾਂ ਤੇ ਗੁਰੂ ਜੀ ਦੇ ਅਤੁੱਟ ਲੰਗਰ ਸਰਦਾਈਆਂ ਤੇ ਠੰਢੇ ਮਿੱਠੇ ਜਲ ਦੀ ਛਬੀਲਾਂ ਲਗਾਈਆਂ ਗਈਆਂ : ਬਾਬਾ ਮਲਕੀਤ ਸਿੰਘ




**ਜੰਡਿਆਲਾ ਗੁਰੂ, 8 ਜੂਨ (ਕੁਲਵੰਤ ਸਿੰਘ ਵਿਰਦੀ )**-ਜੂਨ 1984 ਚ ਭਾਰਤ ਦੀ ਹਕੂਮਤ ਵੱਲੋਂ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਬੰਬਾਂ ਗੋਲਿਆਂ ਗੋਲੀਆਂ ਟੈਕਾਂ ਨਾਲ ਹਮਲਾ ਕੀਤਾ ਗਿਆ ਜਿਸ ਹਮਲੇ ਵਿੱਚ ਹਕੂਮਤ ਨਾਲ ਲੋਹੇ ਲੈਂਦਿਆਂ ਹੋਇਆ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ,ਸੂਬੇਦਾਰ ਭਾਈ ਸੁਬੇਗ ਸਿੰਘ ਭਾਈ ਅਮਰੀਕ ਸਿੰਘ ਸੋਢੀ, ਬਾਬਾ ਠਾਹਰਾ ਸਿੰਘ ਤੇ ਸੈਕੜੇ ਸਿੰਘਾਂ ਸਿੰਘਣੀਆਂ ਦੁੱਧ ਚੁੰਘਦੇ ਦੇ ਬੱਚਿਆ ਦੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਸਹੀਦੀਆਂ ਹੋਈਆਂ ਅਤੇ ਬੇਅੰਤ ਗੁਰੂ ਘਰਾਂ ਤੇ ਬੰਬ ਗੋਲੀਆਂ ਗੋਲਿਆਂ ਨਾਲ ਹਕੂਮਤ ਨੇ ਹਮਲਾ ਕੀਤਾ ਅਤੇ ਸਿੱਖ ਕੌਮ ਦੀ ਨਸਲਕੁਸ਼ੀ ਕੀਤੀ ਗਈ ਜਿਸ ਦੇ ਚੱਲਦਿਆਂ ਜੂਨ ਦਾ ਮਹੀਨਾ ਸ਼ਹੀਦਾਂ ਦੀ ਸ਼ਹਾਦਤ ਵਾਲਾ ਮਹੀਨਾਂ ਮੰਨਿਆ ਜਾਂਦਾ ਹੈ। ਸਿੱਖ ਕੌਮ ਸ਼ਹੀਦਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾ ਨਹੀ ਸਕਦੀ ।ਪਰ ਜਿਉ ਹੀ ਜੂਨ ਮਹੀਨਾ ਚੜ੍ਹਦਾ ਹੈ ਤਾ ਸਿੱਖ ਕੌਮ ਦੇ ਜਖਮ ਤਾਜਾ ਹੋ ਜਾਂਦ ਹਨੇ ਅਤੇ ਕੁੱਝ ਸਰਾਰਤੀ ਅਨਸਰਾਂ ਵੱਲੋਂ ਲੂਣ ਵੀ ਛਿੜਕਿਆ ਜਾਂਦਾ ਹੈ ! ਲੇਕਿਨ ਫਿਰ ਵੀ ਸਾਂਤੀ ਪਸੰਦ ਸਿੱਖ ਕੌਮ 1 ਜੂਨ ਤੋਂ ਲੈ ਕੇ 6 ਜੂਨ ਤੱਕ ਜੋ ਦੁਖਾਤ ਵਾਪਰਿਆਂ ਉਸਨੂੰ ਰਹਿੰਦੀ ਦੁਨੀਆਂ ਤੱਕ ਭੁਲਾ ਨਹੀਂ ਸਕਦੀ ਕਿਉਂਕਿ ਇਹ ਦੁਖਾਂਤ ਨਾ ਭੁੱਲਣਯੋਗ ਨਾ ਬਖਸ਼ਣ ਯੋਗ ਹੈ। ਇਹਨਾ 6 ਦਿਨਾਂ ਵਿਚ ਵੱਖ ਵੱਖ ਧਾਰਮਿਕ ਅਸਥਾਨਾਂ ਤੇ ਸ਼ਹੀਦੀ ਸਮਾਗਮ ਕਰਵਾਏ ਜਾਂਦੇ ਹਨ ।ਪਰ ਸਾਰਿਆਂ ਤੋ ਵੱਡਾ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ ਹੈਡਕੁਆਟਰ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਚਰਨਛੋਹ ਧਰਤੀ ਮਹਿਤਾ ਵਿਖੇ ਸ਼ਹੀਦੀ ਦਿਹਾੜਾ ਵੱਡੇ ਪੱਧਰ ਤੇ ਮਨਾਇਆ ਜਾਂਦਾ ਹੈ ।ਇਨਾਂ ਸਮਾਗਮਾਂ ਵਿੱਚ ਦੂਰੋ ਦੂਰੋਂ ਚੱਲ ਸੰਗਤਾਂ ਪਹੁੰਚ ਕਿ ਹਾਜਰੀਆਂ ਭਰਦੀਆਂ ਹਨ ਅਤੇ ਉਨਾਂ ਸੰਗਤਾਂ ਦੀ ਸੇਵਾ ਵਾਸਤੇ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਂਦੀਆਂ ਹਨ 9 ਜਿਸ ਦੇ ਚੱਲਦਿਆਂ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਸਿੰਘਾਂ ਵੱਲੋਂ ਬਾਂਬਾ ਮਲਕੀਤ ਸਿੰਘ ਜੀ ਦੀ ਅਗਵਾਈ ਹੇਠ ਵੱਖ ਵੱਖ ਪਦਾਰਥਾਂ ਦੇ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ । ਇਸ ਮੌਕੇ ਤੇ ਭਾਈ ਸੁਖਚੈਨ ਸਿੰਘ ਜੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸ਼ਹੀਦੀ ਸਮਾਗਮਾਂ ਦੇ ਆਖਰੀ ਦਿਨ 6 ਜੂਨ ਨੂੰ ਸੰਗਤਾਂ ਦੀ ਸੇਵਾ ਵਾਸਤੇ ਮਿੱਠਾ ਜਲ, ਨਿੰਬੂ ਪਾਣੀ,ਸਰਦਾਈਆ ਅਤੇ ਹੋਰਨਾਂ ਵਸਤੂਆਂ ਤੋਂ ਇਲਾਵਾ ਸਾਰਾ ਦਿਨ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ਇਸ ਮੌਕੇ ਤੇ ਭਾਈ ਮਲਕੀਤ ਸਿੰਘ ਜੀ ਤੋਂ ਇਲਾਵਾ ਭਾਈ ਸੁਖਚੈਨ ਸਿੰਘ ,ਗਿਆਨੀ ਤੇਜ ਬੀਰ ਸਿੰਘ ,ਪ੍ਰਿੰਸੀਪਲ ਸੁਰਿੰਦਰਜੀਤ ਸਿੰਘ, ਜਸਪਾਲ ਸਿੰਘ ਟੋਮਾ ,ਸੁਖਦੇਵ ਸਿੰਘ, ਗੁਰਬਾਜ ਸਿੰਘ ਬਾਜ ,ਗੁਰਪਿੰਦਰ ਸਿੰਘ, ਅਤੇ ਆਦਿ ਹੋਰ ਵੀ ਸੇਵਾਦਾਰ ਹਾਜਿਰ ਸਨ।

# ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਆਯੋਜਿਤ

## ਐੱਸ.ਐੱਸ.ਪੀ. ਕੰਵਲਪ੍ਰੀਤ ਸਿੰਘ ਚਾਹਲ ਨੇ ਵਪਾਰੀਆਂ ਨੂੰ ਦਿੱਤਾ ਸਹਿਯੋਗ ਦਾ ਭਰੋਸਾ





**ਜੰਡਿਆਲਾ ਗੁਰੂ, 8 ਜੂਨ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਮੌਕੇ ’ਤੇ ਸੁਣ ਕੇ ਹੱਲ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਅੱਜ ਹਲਕਾ ਜੰਡਿਆਲਾ ਵਿੱਚ ਵਪਾਰੀ ਭਾਈਚਾਰੇ ਨਾਲ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਪ੍ਰਬੰਧ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੇ ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ ਵੱਲੋਂ ਕੀਤਾ ਗਿਆ, ਜਿਸ ਵਿੱਚ ਐੱਸ.ਐੱਸ.ਪੀ. ਅੰਮ੍ਰਿਤਸਰ ਸ. ਕੰਵਲਪ੍ਰੀਤ ਸਿੰਘ ਚਾਹਲ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ ।ਮੀਟਿੰਗ ਦੌਰਾਨ ਐੱਸ.ਐੱਸ.ਪੀ. ਸ. ਕੰਵਲਪ੍ਰੀਤ ਸਿੰਘ ਚਾਹਲ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪੁਲਿਸ ਦੀ ਟੀਮ ਉਨ੍ਹਾਂ ਦੀ ਸੁਰੱਖਿਆ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਸਹਾਇਤਾ ਲਈ 24 ਘੰਟੇ, ਹਫਤੇ ਦੇ ਸੱਤੋਂ ਦਿਨ ਉਪਲਬਧ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਨੂੰ ਕਾਨੂੰਨ–ਵਿਵਸਥਾ ਸਬੰਧੀ ਕਿਸੇ ਵੀ ਕਿਸਮ ਦੀ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ ।ਇਸ ਮੌਕੇ ਵਪਾਰੀ ਭਾਈਚਾਰੇ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ 70 ਸਾਲਾਂ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਸੀਨੀਅਰ ਪੁਲਿਸ ਅਧਿਕਾਰੀ ਖੁਦ ਉਨ੍ਹਾਂ ਵਿਚਕਾਰ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦੇ ਹੱਲ ਦਾ ਭਰੋਸਾ ਦੇ ਰਹੇ ਹਨ ।ਮੀਟਿੰਗ ਦੌਰਾਨ ਡੀ.ਐੱਸ.ਪੀ. ਜੰਡਿਆਲਾ ਸ. ਬਲਜੀਤ ਸਿੰਘ, ਐੱਸ.ਐੱਚ.ਓ. ਸ. ਹਰਪਾਲ ਸਿੰਘ, ਹਲਕਾ ਜੰਡਿਆਲਾ ਟਰੇਡ ਚੇਅਰਪਰਸਨ ਰਮੇਸ਼ ਅਵਸਥੀ, ਸਰਬਜੀਤ ਸਿੰਘ ਡਿੰਪੀ, ਗੌਤਮ ਸੇਠ, ਸੁਨੀਲ ਪਾਸੀ, ਸਨੀ ਕਾਹਵਾ, ਜਗਦੀਪ ਸਿੰਘ ਅਤੇ ਹੋਰ ਵਪਾਰੀ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੂਨ 1984 ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਲਗਾਇਆ ਗਿਆ

# ਦਸਤਾਰ, ਦੁਮਾਲਾ ਸਿਖਲਾਈ ਕੈਂਪ ਜੈਕਾਰਿਆਂ ਦੀ ਗੂੰਜ ਨਾਲ ਹੋਇਆ ਸੰਪੰਨ

## ਬੱਚਿਆਂ ਨੂੰ ਲੈ ਕੇ ਮੁਕਾਬਲੇ ਵਿੱਚ ਪਹੁੰਚੇ ਮਾਪਿਆਂ ਦਾ ਕੀਤਾ ਧੰਨਵਾਦ : ਜਥੇਦਾਰ ਗੁਰਚਰਨ ਸਿੰਘ ਪੀਰ ਮੁਹੰਮਦ










ਗੁਰੂ ਸਾਹਿਬਾਂ ਜੀ ਦੀ ਸੱਚੀ ਸੁੱਚੀ ਵਿਚਾਰਧਾਰਾ ਦਾ ਪ੍ਰਚਾਰ ਅਤੇ ਪ੍ਰਸਾਰ ਕਰਨ ਲਈ ਵਚਨਬੱਧ ਸੰਸਥਾ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਜੂਨ 1984 ਵਿੱਚ ਵਾਪਰੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਮੂਹ ਸਿੰਘਾਂ ਸਿੰਘਣੀਆਂ, ਭੁਝੰਗੀਆਂ ਦੀ ਸ਼ਹਾਦਤ ਨੂੰ ਮਨਾਉਂਦਿਆਂ 7ਰੋਜ਼ਾ ਦਸਤਾਰ , ਦੁਮਾਲਾ ਸਿਖਲਾਈ ਕੈਂਪ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੀਰ ਮੁਹੰਮਦ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਦੀ ਸਮਾਪਤੀ ਦੌਰਾਨ ਬੱਚਿਆਂ ਦੇ ਦਸਤਾਰ ਦੁਮਾਲਾ ਅਤੇ ਸ਼ੁੱਧ ਪੰਜਾਬੀ ਲਿਖਾਈ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਅਤੇ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਦਸਤਾਰ ਦੁਮਾਲਾ ਮੁਕਾਬਲੇ ਦੇ ਦੋ ਗਰੁੱਪ ਅਤੇ ਸ਼ੁੱਧ ਪੰਜਾਬੀ ਲਿਖਾਈ ਮੁਕਾਬਲੇ ਦੇ ਦੋ ਗਰੁੱਪ ਬਣਾਏ ਗਏ। ਹਰੇਕ ਗਰੁੱਪ ਵਿੱਚੋਂ ਪਹਿਲੇ , ਦੂਸਰੇ, ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਅਤੇ ਭਾਗ ਲੈਣ ਵਾਲੇ ਲੜਕੇ / ਲੜਕੀਆਂ ਨੂੰ ਸ਼ੀਲਡਾਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸੋਸਾਇਟੀ ਵੱਲੋਂ ਉਚੇਚੇ ਤੌਰ ਤੇ ਪਹੁੰਚੇ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਅਤੇ ਮਾਲਵਾ ਜ਼ੋਨ ਦੇ ਇੰਚਾਰਜ ਵੀਰ ਨਿੰਦਰਪਾਲ ਸਿੰਘ ਵੱਲੋਂ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਦੁਨੀਆਂ ਵਿੱਚ ਜਿਹੜੀਆਂ ਕੌਮਾਂ ਸਦੈਵੀ ਕਾਲ ਦੇ ਲਈ ਸਥਾਪਿਤ ਰਹਿੰਦੀਆਂ ਹਨ ਉਹਨਾਂ ਦੀਆਂ ਨਿਸ਼ਾਨੀਆਂ ਇਹ ਹੁੰਦੀਆਂ ਹਨ ਕਿ ਉਹਨਾਂ ਦੇ ਬੱਚੇ ਆਪਣੀ ਮਾਂ ਬੋਲੀ ,ਆਪਣੇ ਇਤਿਹਾਸ ਅਤੇ ਆਪਣੇ ਗੌਰਵਮਈ ਵਿਰਸੇ ਨਾਲ ਜੁੜੇ ਹੁੰਦੇ ਹਨ। ਪਰ ਸਮੇਂ ਦੀ ਸਰਕਾਰ ਜਿਹੜਾ ਕੰਮ ਸਾਨੂੰ ਸਰੀਰਕ ਤੌਰ ਤੇ ਖਤਮ ਕਰਕੇ ਨਹੀਂ ਕਰ ਸਕੀ ਅੱਜ ਉਹ ਕੰਮ ਅਦਰੂਨੀ ਤੌਰ ਉੱਤੇ ਕਰਕੇ ਸਾਡੀਆਂ ਜੜਾਂ ਨੂੰ ਖੋਖਲਾ ਕਰਨ ਵਿੱਚ ਕਾਮਯਾਬ ਹੋ ਰਹੀ ਹੈ। ਇਸ ਸਭ ਵਰਤਾਰੇ ਤੋਂ ਬਚਣ ਦਾ ਸਭ ਤੋਂ ਸੁਖੈਨ ਤਰੀਕਾ ਕਿ ਅਸੀਂ ਆਪਣੀ ਪੀੜੀ ਨੂੰ ਸਾਂਭ ਲਈਏ। ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਨੇ ਕੈਂਪ ਨੂੰ ਸਫਲ ਬਣਾਉਣ ਵਾਲੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਅਤੇ ਹੋਰਨਾਂ ਨੂੰ ਇਹੋ ਜਿਹੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੋਂ ਪ੍ਰੇਰਨਾ ਲੈਣ ਦੀ ਹਦਾਇਤ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਗੁਰਚਰਨ ਸਿੰਘ ਪੀਰ ਮੁਹੰਮਦ, ਕਿਸਾਨ ਸੰਘਰਸ਼ ਕਮੇਟੀ ਰਾਜੇਵਾਲ ਦੇ ਪ੍ਰਧਾਨ ਲਖਵਿੰਦਰ ਸਿੰਘ, ਲਿਖਾਰੀ ਸਭਾ ਦੇ ਪ੍ਰਧਾਨ ਹਰਪਿੰਦਰ ਸਿੰਘ, ਗੁਰਦੁਆਰਾ ਸਾਹਿਬ ਦੀ ਹੈਡ ਗ੍ਰੰਥੀ ਭਾਈ ਬਲਰਾਜ ਸਿੰਘ ਅਤੇ ਗੁਰਦੁਆਰਾ ਕਮੇਟੀ ਦੇ ਮੈਂਬਰ ਸਰਮੇਲ ਸਿੰਘ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਨਿਸ਼ਕਾਮ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਨਾਲ ਹੀ ਇਹਨਾਂ ਕਾਰਜਾਂ ਵਿੱਚ ਹਰੇਕ ਪੱਖ ਤੋਂ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਜੀ ਨੇ ਸੁਸਾਇਟੀ ਦੇ ਸਮੂਹ ਵੀਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਇਲਾਕਾ ਨਿਵਾਸੀ ਸੰਗਤਾਂ ਨੂੰ ਇਹੋ ਜਿਹੇ ਗੁਰਮਤਿ ਕੈਂਪਾਂ ਤੋਂ ਲਾਹਾ ਲੈਣ ਦੇ ਲਈ ਬੇਨਤੀ ਕੀਤੀ ਅਤੇ ਕਿਹਾ ਕਿ ਗੁਰੂ ਸਾਹਿਬ ਜੀ ਨੇ ਪੰਜ ਕਕਾਰੀ ਵਰਦੀ ਦੇ ਰੂਪ ਵਿੱਚ ਸਾਨੂੰ ਜੋ ਪਹਿਚਾਣ ਦਿੱਤੀ ਹੈ ਉਸ ਨੂੰ ਕਾਇਮ ਰੱਖਣਾ ਸਾਡਾ ਸਭਨਾ ਦਾ ਮੁੱਢਲਾ ਫਰਜ਼ ਬਣਦਾ ਹੈ। ਇਸ ਮੌਕੇ ਸੋਸਾਇਟੀ ਦੇ ਦਸਤਾਰ ਕੋਆਰਡੀਨੇਟਰ ਹਰਜੀਤ ਸਿੰਘ ਲਹਿਰੀ, ਹਰਪ੍ਰੀਤ ਸਿੰਘ ਪੱਟੀ, ਆਕਾਸ਼ਦੀਪ ਸਿੰਘ ਪੱਟੀ, ਵਜ਼ੀਰ ਸਿੰਘ ਹਾਸਲ ਹਰਮਨਦੀਪ ਸਿੰਘ ਸੁਖਮਨਦੀਪ ਸਿੰਘ ਹੁਸਨਦੀਪ ਸਿੰਘ ਗਗਨਦੀਪ ਸਿੰਘ ਭਿੱਖੀਵਿੰਡ ਸਾਜਨਪਰੀਤ ਸਿੰਘ ਮਰਗਿੰਦਪੁਰਾ, ਰਣਬੀਰ ਸਿੰਘ ਬੀਰਮ, ਉੱਘੇ ਕਵੀਸ਼ਰ ਅਤੇ ਲਿਖਾਰੀ ਭਾਈ ਲਖਬੀਰ ਸਿੰਘ ਰਸੂਲਪੁਰੀ ਤੇ ਗੁਰਦੁਆਰਾ ਨਾਨਕ ਦਰਬਾਰ ਰਸੂਲਪੁਰ ਫਾਟਕ ਦੇ ਹੈਡ ਗ੍ਰੰਥੀ ਹਾਜ਼ਰ ਸਨ। ਸਭਨਾ ਅਹੁਦੇਦਾਰਾਂ ਨੂੰ ਸੁਸਾਇਟੀ ਦੇ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸਭਨਾਂ ਬੱਚਿਆਂ ਦੇ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਫਲ ਫਰੂਟ ਦਾ ਲੰਗਰ ਲਗਾਇਆ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨੇੜਲੇ ਪਿੰਡ ਰਵਿਦਾਸਪੁਰ ਵਿਖੇ ਸਥਿਤ ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਵਿਖੇ

# ਘੱਲੂਘਾਰਾ ਯਾਦਗਾਰੀ ਦਿਵਸ ਸ਼ਰਧਾ ਨਾਲ ਮਨਾਇਆ ਗਿਆ






**ਗੜ੍ਹਦੀਵਾਲਾ/ਹੁਸ਼ਿਆਰਪੁਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਨੇੜਲੇ ਪਿੰਡ ਰਵਿਦਾਸਪੁਰ ਵਿਖੇ ਸਥਿਤ ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਘੱਲੂਘਾਰਾ ਯਾਦਗਾਰੀ ਸਮਾਗਮ

## ਘੱਲੂਘਾਰਾ ਸਮਾਗਮ ਦੌਰਾਨ ਸਿੱਖ ਚਿੰਤਕ ਭਾਈ ਭਗਵਾਨ ਸਿੰਘ ਜੋਹਲ ਦਾ ਵਿਸ਼ੇਸ਼ ਸਨਮਾਨ

ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਭਾਵਨਾ ਨਾਲ ਮਨਾਇਆ ਗਿਆ।ਅੱਠ ਦਿਨਾਂ ਤੱਕ ਚੱਲੇ ਇਸ ਸਮਾਗਮ ਦੌਰਾਨ ਰੋਜ਼ਾਨਾ ਵੱਖ-ਵੱਖ ਪ੍ਰਸਿੱਧ ਰਾਗੀ, ਢਾਡੀ ਅਤੇ ਪ੍ਰਚਾਰਕਾਂ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ, ਗੁਰਮਤਿ ਵਿਚਾਰਾਂ ਅਤੇ ਸਿੱਖ ਇਤਿਹਾਸ ਨਾਲ ਜੋੜਿਆ।

ਗੁਰਦੁਆਰਾ ਸਾਹਿਬ ਦੀ ਸੇਵਾ ਸੰਭਾਲ ਕਰ ਰਹੀ ਸ਼ਖਸੀਅਤ ਵੱਲੋਂ ਪਿਛਲੇ ਕਰੀਬ 42 ਸਾਲਾਂ ਤੋਂ ਲਗਾਤਾਰ ਘੱਲੂਘਾਰਾ ਸਬੰਧੀ ਸਮਾਗਮ ਕਰਵਾਏ ਜਾ ਰਹੇ ਹਨ। ਇਸ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰਮਤਿ ਵਿਚਾਰਾਂ ਦਾ ਲਾਹਾ ਲਿਆ ਹੈ।

ਸਮਾਗਮ ਦੇ ਸੱਤਵੇਂ ਦਿਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ ਜੀ ਅਤੇ ਪ੍ਰਿੰਸੀਪਲ ਸੁਖਵੰਤ ਸਿੰਘ ਜੀ ਨੇ ਗੁਰਮਤਿ ਸੰਗੀਤ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉੱਥੇ ਹੀ ਭਾਈ ਜਤਿੰਦਰ ਸਿੰਘ ਜੀ ਡੋਗਰਪੁਰੀ ਢਾਡੀ ਜਥੇ ਨੇ ਸਿੱਖ ਇਤਿਹਾਸ, ਸ਼ਹੀਦੀ ਪਰੰਪਰਾ ਅਤੇ ਘੱਲੂਘਾਰਿਆਂ ਨਾਲ ਸਬੰਧਿਤ ਪ੍ਰਭਾਵਸ਼ਾਲੀ ਵਾਰਾਂ ਪੇਸ਼ ਕਰਕੇ ਸੰਗਤਾਂ ਨੂੰ ਭਾਵੁਕ ਕਰ ਦਿੱਤਾ।

ਇਸ ਮੌਕੇ ਸਿੱਖ ਇਤਿਹਾਸ ਦੇ ਪ੍ਰਚਾਰਕ ਅਤੇ ਸਿੱਖ ਚਿੰਤਕ ਭਾਈ ਭਗਵਾਨ ਸਿੰਘ ਜੋਹਲ ਨੇ ਘੱਲੂਘਾਰਿਆਂ ਅਤੇ ਸਿੱਖ ਇਤਿਹਾਸ ਦੇ ਅਹਿਮ ਪੱਖਾਂ ਬਾਰੇ ਵਿਸਥਾਰਪੂਰਵਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਦੇ ਪ੍ਰਭਾਵਸ਼ਾਲੀ ਸੰਬੋਧਨ ਨੂੰ ਸੰਗਤਾਂ ਨੇ ਬਹੁਤ ਧਿਆਨ ਨਾਲ ਸਰਵਣ ਕੀਤਾ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਭਰਪੂਰ ਸਨਮਾਨ ਦਿੱਤਾ।

ਸਮਾਗਮ ਦੌਰਾਨ ਸੰਤ ਹਰਚਰਨ ਸਿੰਘ ਜੀ ਖਾਲਸਾ ਦੀ ਅਗਵਾਈ ਹੇਠ ਭਾਈ ਭਗਵਾਨ ਸਿੰਘ ਜੋਹਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਡਾ. ਹਰਜੀਤ ਸਿੰਘ, ਜਸਵਿੰਦਰ ਸਿੰਘ ਧੁੱਗਾ, ਕਰਨਵੀਰ ਸਿੰਘ ਐਡਵੋਕੇਟ, ਗੁਰਦੇਵ ਸਿੰਘ, ਮਾਤਾ ਕਰਮਜੀਤ ਕੌਰ ਰਾਮਦਾਸਪੁਰ, ਪ੍ਰਿੰਸੀਪਲ ਕ੍ਰਿਪਾਲ ਕੌਰ, ਸੁਪਰਵਾਈਜ਼ਰ ਤਜਿੰਦਰ ਕੌਰ ਸਮਰਾ, ਰਵਿੰਦਰ ਸਿੰਘ ਸਹਿਜ, ਖੁਸ਼ਵੰਤ ਸਿੰਘ ਸੋਹਨਪੁਰ (ਜ਼ਿਲ੍ਹਾ ਪ੍ਰਧਾਨ ਪੰਥਕ ਅਕਾਲੀ ਦਲ) ਸਮੇਤ ਅਨੇਕਾਂ ਧਾਰਮਿਕ, ਸਮਾਜਿਕ ਅਤੇ ਪੰਥਕ ਸ਼ਖਸੀਅਤਾਂ ਹਾਜ਼ਰ ਸਨ।

ਬੁਲਾਰਿਆਂ ਨੇ ਕਿਹਾ ਕਿ ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਵਿਖੇ ਪਿਛਲੇ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਚੱਲ ਰਹੀ ਗੁਰਮਤਿ ਲਹਿਰ ਨੇ ਹਜ਼ਾਰਾਂ ਸੰਗਤਾਂ ਨੂੰ ਗੁਰਬਾਣੀ, ਕੀਰਤਨ ਅਤੇ ਸਿੱਖ ਇਤਿਹਾਸ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਅੰਤ ਵਿੱਚ ਸਮੂਹ ਸੰਗਤਾਂ ਨੇ ਸਮਾਗਮ ਦੇ ਸਫਲ ਪ੍ਰਬੰਧਾਂ ਲਈ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਧਾਰਮਿਕ ਤੇ ਗੁਰਮਤਿ ਸਮਾਗਮ ਲਗਾਤਾਰ ਕਰਵਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਕਪੂਰਥਲਾ ਦਾ

# ਵਫ਼ਦ ਐੱਸ.ਐੱਸ.ਪੀ. ਕਪੂਰਥਲਾ ਨੂੰ ਮਿਲਿਆ

**ਕਪੂਰਥਲਾ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਕਪੂਰਥਲਾ ਦੇ ਇੱਕ ਵਫ਼ਦ ਨੇ ਅੱਜ ਐੱਸ.ਐੱਸ.ਪੀ. ਕਪੂਰਥਲਾ ਗੌਰਵ ਤੁਰਾ ਨੂੰ ਮਿਲ ਕੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਰਾਣਾ ਸੈਦੋਵਾਲ ਅਤੇ ਜ਼ਿਲ੍ਹਾ ਸਕੱਤਰ ਬਿੰਦੂ ਸੁਨਨੜ ਨੂੰ ਮਿਲ ਰਹੀਆਂ ਧਮਕੀਆਂ ਸਬੰਧੀ ਇੱਕ ਲਿਖਤੀ ਸ਼ਿਕਾਇਤ ਸੌਂਪੀ। ਜਾਣਕਾਰੀ ਦਿੰਦਿਆਂ ਯੂਨੀਅਨ ਆਗੂਆਂ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਰਾਣਾ ਅਤੇ ਜ਼ਿਲ੍ਹਾ ਸਕੱਤਰ ਬਿੰਦੂ ਸੁਨਨੜ ਨੂੰ ਵੱਖ ਵੱਖ ਅੰਤਰਰਾਸ਼ਟਰੀ ਨੰਬਰਾਂ ਤੋਂ ਵਟਸਐਪ ਕਾਲਾਂ ਰਾਹੀਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਗੰਭੀਰ ਮਾਮਲੇ ਨੂੰ ਸੰਜੀਦਗੀ ਨਾਲ ਲੈਂਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਜ਼ਿਲ੍ਹਾ ਕਪੂਰਥਲਾ ਇਕਾਈ ਵੱਲੋਂ ਇੱਕ ਐਮਰਜੈਂਸੀ ਮੀਟਿੰਗ ਬੁਲਾਈ ਗਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਸ ਮਾਮਲੇ ਦੀ ਤੁਰੰਤ ਸ਼ਿਕਾਇਤ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ ਤਾਂ ਜੋ ਧਮਕੀਆਂ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।ਇਸੇ ਫੈਸਲੇ ਤਹਿਤ ਯੂਨੀਅਨ ਦੇ ਵਫ਼ਦ ਵੱਲੋਂ ਐੱਸ.ਐੱਸ.ਪੀ. ਕਪੂਰਥਲਾ ਗੌਰਵ ਤੁਰਾ ਨੂੰ ਇੱਕ ਵਿਸਥਾਰਪੂਰਵਕ ਸ਼ਿਕਾਇਤ ਸੌਂਪੀ ਗਈ, ਜਿਸ ਵਿੱਚ ਧਮਕੀਆਂ ਨਾਲ ਸਬੰਧਤ ਸਾਰੀ ਜਾਣਕਾਰੀ ਅਤੇ ਵਰਤੇ ਗਏ ਵਿਦੇਸ਼ੀ ਨੰਬਰਾਂ ਦਾ ਵੇਰਵਾ ਦਿੱਤਾ ਗਿਆ। ਐੱਸ.ਐੱਸ.ਪੀ. ਕਪੂਰਥਲਾ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਤੁਰੰਤ ਜਾਂਚ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੰਬਰਾਂ ਤੋਂ ਕਾਲਾਂ ਆ ਰਹੀਆਂ ਹਨ, ਉਨ੍ਹਾਂ ਨੂੰ ਜਲਦ ਤੋਂ ਜਲਦ ਟਰੇਸ ਕੀਤਾ ਜਾਵੇਗਾ ਅਤੇ ਇਸ ਸਾਜ਼ਿਸ਼ ਦੇ ਪਿੱਛੇ ਸ਼ਾਮਲ ਵਿਅਕਤੀਆਂ ਦਾ ਪਰਦਾਫਾਸ਼ ਕਰਕੇ ਬਣਦੀ ਕਾਨੂੰਨੀ ਕਾਰਵਾਈ




ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜਿੰਦਰ ਸਿੰਘ ਰਾਣਾ ਸੈਦੋਵਾਲ (ਜ਼ਿਲ੍ਹਾ ਪ੍ਰਧਾਨ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਕਪੂਰਥਲਾ), ਬਿੰਦੂ ਸੁਨਨੜ (ਜ਼ਿਲ੍ਹਾ ਮੁੱਖ ਸਕੱਤਰ), ਹਰਜੀਤ ਸਿੰਘ ਰਜਾਪੁਰ (ਜ਼ਿਲ੍ਹਾ ਪ੍ਰੈਸ ਸਕੱਤਰ), ਮਨਜਿੰਦਰ ਕਮਲ, ਲਾਡੀ ਔਜਲਾ, ਸਾਬੀ ਔਜਲਾ, ਸੁਖਵੰਤ ਸਿੰਘ ਪੱਡਾ, ਹਰਭਜਨ ਸਿੰਘ ਮਨਸੂਰਵਾਲ, ਅਮਰਜੀਤ ਸਿੰਘ ਢਪਈ, ਜਸਵੀਰ ਸਿੰਘ ਖਾਨੋਵਾਲ, ਗੁਰਜੀਤ ਸਿੰਘ ਕੋਟ ਗੋਬਿੰਦਪੁਰ, ਸਰਜੀਤ ਸਿੰਘ ਕੋਟ ਗੋਬਿੰਦਪੁਰ, ਸਰਬਜੀਤ ਸਿੰਘ ਕੋਟ ਗੋਬਿੰਦਪੁਰ, ਦਲਜੀਤ ਸਿੰਘ ਖਾਨੋਵਾਲ ਅਤੇ ਸੁਰਜੀਤ ਸਿੰਘ ਨੱਥੂਚਾਲ ਸਮੇਤ ਹੋਰ ਆਗੂ ਅਤੇ ਵਰਕਰ ਵੀ ਹਾਜ਼ਰ ਸਨ।

## ਕਿਸਾਨ ਆਗੂਆਂ ਨੂੰ ਫੋਨ ਉਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਵਾਲੇ ਖਿਲਾਫ ਸਖਤ ਕਾਰਵਾਈ ਕਰਨ ਦੀ ਕੀਤੀ ਮੰਗ

# ਸ਼ਹੀਦ ਸਿੰਘਾਂ ਨੂੰ ਕੋਟਿਨ ਕੋਟਿ ਪ੍ਰਣਾਮ

ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਦੇ ਅਤੇ ਗੁਰਦੁਆਰਾ ਜੋਤੀਸਰ ਸ਼ਿਮਲਾ ਵਾਲਿਆਂ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੁੱਖਾ ਸਿੰਘ ਜੀ ਘੱਲੂਘਾਰੇ ਦੇ ਸ਼ਹੀਦਾਂ ਸਿੰਘਾਂ ਕੋਟਿਨ ਕੋਟਿ ਪ੍ਰਣਾਮ



ਆਵਾਜ਼ਿ ਕੌਮ AWAZE QAUM International Newspaper & WEB TV

# ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਸਿਹਤ ਮੰਤਰੀ ਨਾਲ ਮੀਟਿੰਗ



**ਜੰਡਿਆਲਾ ਗੁਰੂ 8 ਜੂਨ ( ਕੁਲਵੰਤ ਸਿੰਘ ਵਿਰਦੀ )**-ਮਿਤੀ 12 ਜੂਨ ਸ੍ਰੀ ਅਮ੍ਰਿੰਤਸਰ ਸਾਹਿਬ ਅਤੇ ਮਿਤੀ 17 ਜੂਨ ਪਟਿਆਲਾ ਵਿਖੇ ਲੱਗਣ ਵਾਲੇ ਸੂਬਾ ਪੱਧਰੀ ਧਰਨੇ ਨੂੰ ਸਿਹਤ ਮੰਤਰੀ ਸਾਬ ਵੱਲੋਂ ਮੀਟਿੰਗ ਦੀ ਪ੍ਰੋਸੀਡਿੰਗ ਆਉਣ ਤੱਕ ਟਾਲ਼ਿਆ ਗਿਆ ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ ਦੀ ਅਗਵਾਈ ਹੇਠ ਆਊਟਸੋਰਸ (ਕੱਚੇ ਕਾਮਿਆਂ) ਦੀਆਂ ਗੰਭੀਰ ਮੰਗਾਂ ਅਤੇ ਮੁਸ਼ਿਕਲਾਂ ਨਾਲ ਸਬੰਧਤ ਮਾਣਯੋਗ ਸਿਹਤ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਨਾਲ ਮੀਟਿੰਗ ਕੀਤੀ ਗਈ। ਅੱਜ ਦੀ ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਵੱਖ-ਵੱਖ ਕੰਪਨੀਆਂ ਅਤੇ ਵੱਖ-ਵੱਖ ਕੈਟਾਗਿਰੀਆਂ ਨਾਲ ਸਬੰਧਤ ਆਊਟਸੋਰਸ ਕਾਮਿਆਂ ਵੱਲੋਂ ਸਮੂਹ ਕੱਚੇ ਮੁਲਾਜ਼ਮਾਂ ਨੂੰ ਕੰਪਨੀਆਂ ਦੀ ਲੁੱਟ ਤੋਂ ਬਚਾਕੇ ਵਿਭਾਗ ਅਧੀਨ ਲੈ ਕੇ ਪੱਕੇ ਕਰਨ ਦੀ ਮੰਗ, ਬਰਾਬਰ ਕੰਮ ਬਰਾਬਰ ਤਨਖ਼ਾਹ ਦਾ ਫਾਰਮੂਲਾ ਲਾਗੂ ਕਰਨ ਦੀ ਮੰਗ, ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਦਿੱਤੇ ਬਿਆਨ ਦੇ ਆਧਾਰ ਤੇ ਸਾਥੀਆਂ ਨੂੰ 15% ਵਾਧਾ ਲਾਗੂ ਕਰਨ ਅਤੇ ਵਿਭਾਗ ਅਧੀਨ ਲੈਣ ਦੀ ਪੌਲਸੀ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ, ਏ ਅਤੇ ਬੀ ਕੈਟਾਗਿਰੀ ਦੇ ਸਾਥੀਆਂ ਨੂੰ ਵਿਭਾਗ ਅਧੀਨ ਲੈਣ ਦੀ ਮੰਗ, ਵੱਖ-ਵੱਖ ਜ਼ਿਲਆਂ ਵਿੱਚ ਓਟ ਕਲੀਨਿਕ, ਰੀਹੈਬਲੇਸ਼ਨ ਸੈਂਟਰ, ਡੀ-ਅਡਿਕਸ਼ਨ ਅਤੇ ਯੂਜਰ ਚਾਰਜਸ ਦੇ ਸਾਥੀਆਂ ਨੂੰ ਸਪੈਸ਼ਲ ਇੰਕਰੀਮੈਂਟ ਦੀ ਮੰਗ, ਸਾਥੀਆਂ ਦੀਆਂ ਰੁਕੀਆਂ ਤਨਖਾਹਾਂ ਜਲਦੀ ਤੋਂ ਜਲਦੀ ਜਾਰੀ ਕਰਨ ਦੀ ਮੰਗ, ਪਾਇਲਟ ਪ੍ਰੋਜੈਕਟ ਅਧੀਨ ਕੰਮ ਕਰਦੇ ਸਾਥੀਆਂ ਦੀ ਤਨਖ਼ਾਹ ਦਾ ਪੁਖਤਾ ਪ੍ਰਬੰਧ ਕਰਨ ਦੀ ਮੰਗ, ਗ੍ਰਿਟਸ ਕੰਪਨੀ ਵੱਲੋਂ ਆਊਟਸੋਰਸ ਮੁਲਾਜ਼ਮਾਂ ਦੀ ਤਨਖਾਹ ਵਿੱਚੋਂ ਕੱਟੇ ਨਜਾਇਜ਼ 1500/- ਰੁਪਏ ਵਾਪਿਸ ਕਰਾਉਣ ਦੀ ਮੰਗ ਆਦਿ ਮੰਗਾਂ ਤੇ ਮੰਤਰੀ ਸਾਹਿਬ ਨਾਲ ਮੀਟਿੰਗ ਕੀਤੀ ਗਈ ਅਤੇ ਮਾਣਯੋਗ ਸਿਹਤ ਮੰਤਰੀ ਸਾਬ ਵੱਲੋਂ ਇਹ ਵਿਸ਼ਵਾਸ ਦਵਾਇਆ ਗਿਆ ਕਿ ਜਲਦੀ ਹੀ ਇਹਨਾਂ ਮੰਗਾਂ ਦਾ ਹੱਲ ਕੀਤਾ ਜਾਵੇਗਾ। ਇਸਦੇ ਨਾਲ ਹੀ ਜਥੇਬੰਦੀ ਵੱਲੋਂ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਮਿਤੀ 12 ਜੂਨ 2026 ਸ੍ਰੀ ਅਮ੍ਰਿੰਤਸਰ ਸਾਹਿਬ ਅਤੇ ਮਿਤੀ 17 ਜੂਨ 2026 ਨੂੰ ਸਿਹਤ ਮੰਤਰੀ ਸਾਬ ਦੀ ਕੋਠੀ ਅੱਗੇ ਰੋਸ਼ ਪ੍ਰਦਰਸ਼ਨ ਅਤੇ ਰੋਸ ਮਾਰਚ ਦੇ ਸੂਬਾ ਪੱਧਰੀ ਪ੍ਰੋਗਰਾਮ ਨੂੰ ਮੰਤਰੀ ਸਾਬ ਨਾਲ ਹੋਈ ਮੀਟਿੰਗ ਦੀ ਪ੍ਰੋਸੀਡਿੰਗ ਆਉਣ ਤੱਕ ਕੁੱਝ ਸਮੇਂ ਲਈ ਟਾਲ਼ਿਆ ਗਿਆ। ਜਥੇਬੰਦੀ ਵੱਲੋਂ ਫ਼ੈਸਲਾਂ ਕੀਤਾ ਗਿਆ ਕਿ ਅਗਰ ਪੰਜਾਬ ਸਰਕਾਰ ਵੱਲੋਂ ਆਊਟਸੋਰਸ, ਠੇਕਾ ਅਧਾਰਤ, ਡੇਲੀ ਵੇਜ਼ਿਜ (ਕੱਚੇ ਕਾਮਿਆਂ) ਦੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਆਊਟਸੋਰਸ ਜਥੇਬੰਦੀ ਵੱਲੋਂ ਫ਼ਿਰ ਤੋਂ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ। ਅੱਜ ਦੀ ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ, ਸੂਬਾ ਜਨਰਲ ਸਕੱਤਰ ਹਰਮਨਦੀਪ ਸਿੰਘ ਸਿੱਧੂ, ਸੂਬਾ ਮੀਤ ਪ੍ਰਧਾਨ ਕਰਨਬੀਰ ਸਿੰਘ ਜੌਹਲ, ਸੂਬਾ ਵਿੱਤ ਸਕੱਤਰ ਨਾਜਰ ਸਿੰਘ ਮਾਨਸਾ, ਸੂਬਾ ਜਥੇਬੰਦਕ ਸਕੱਤਰ ਹਰਪਾਲ ਸਿੰਘ ਪਟਿਆਲਾ ਅਤੇ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਸੂਬਾ ਸਲਾਹਕਾਰ ਗੁਰਦੀਪ ਸਿੰਘ ਬਰਨਾਲਾ, ਜਿਲਾ ਪਟਿਆਲਾ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਪਟਿਆਲਾ ਅਤੇ ਅਸੀਸ ਲੁਧਿਆਣਾ ਸੂਬਾ ਕਮੇਟੀ ਮੈਂਬਰ ਆਦਿ ਆਗੂ ਇਸ ਮੀਟਿੰਗ ਵਿੱਚ ਸ਼ਾਮਿਲ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243